ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

Also On Visit on facebook

https://www.facebook.com/awazeqaumtv/videos/1948995821245 31/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 20 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੫ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

''ਮੈਂ 2027 ਦੀਆਂ ਚੋਣਾਂ ਨਹੀਂ ਲੜਣੀਆਂ ਚਾਹੁੰਦਾ', ਰਾਜਾ ਵੜਿੰਗ ਨੇ ਦਿੱਤਾ ਵੱਡਾ ਬਿਆਨ

ਲੁਧਿਆਣਾ , 19 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਖ਼ਿਆ ਹੈ ਕਿ ਉਹ 2027 ਦੀਆਂ ਚੋਣਾਂ ਨਹੀਂ ਲੜਣੀਆਂ ਚਾਹੁੰਦੇ।ਉਨ੍ਹਾਂ ਆਖ਼ਿਆ ਹੈ ਕਿ ਉਹ ਇਸ ਵੇਲੇ ਸੰਸਦ ਮੈਂਬਰ ਹਨ ਤੇ ਸੰਸਦ ਮੈਂਬਰਾਂ ਨੂੰ ਵਿਧਾਨ ਸਭਾ ਚੋਣ ਲੜਾਉਣਾ ਜਾਂ ਨਾ ਲੜਵਾਉਣਾ ਹਾਈਕਮਾਂਡ ਦਾ ਫ਼ੈਸਲਾ ਹੈ, ਉਨ੍ਹਾਂ ਦੀ ਵਿਧਾਨ ਸਭਾ ਚੋਣ ਲੜਣ ਦੀ ਕੋਈ ਇੱਛਾ ਨਹੀਂ ਹੈ। ਇਕ ਪ੍ਰੈੱਸ ਕਾਨਫ਼ਰੰਸ ਦੌਰਾਨ ਪੱਤਰਕਾਰਾਂ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਪ੍ਰਧਾਨ, ਵਿਰੋਧੀ ਧਿਰ ਦੇ ਨੇਤਾ, ਚਰਨਜੀਤ ਸਿੰਘ ਚੰਨੀ ਜਾਂ ਰਾਜਾ ਵੜਿੰਗ ਕਿਸੇ ਵੀ ਚੀਜ਼ 'ਤੇ ਆਪਣੇ ਸੁਝਾਅ ਹਾਈਕਮਾਂਡ ਨੂੰ ਭੇਜ ਸਕਦੇ ਹਨ ਜਾਂ ਸਿਰਫ਼ ਇੱਛਾ ਜ਼ਾਹਿਰ ਕਰ ਸਕਦੇ ਹਨ, ਇਸ ਬਾਰੇ ਕੋਈ ਵੀ ਫ਼ੈਸਲਾ ਹਾਈਕਮਾਂਡ ਨੇ ਹੀ ਲੈਣਾ ਹੁੰਦਾ ਹੈ। ਵਿਧਾਨ ਸਭਾ ਚੋਣਾਂ ਲੜਣ ਬਾਰੇ ਪੁੱਛੇ ਜਾਣ 'ਤੇ ਵੜਿੰਗ ਨੇ ਕਿਹਾ ਕਿ ਉਨ੍ਹਾਂ ਦੀ ਵਿਧਾਨ ਸਭਾ ਚੋਣ ਲੜਣ ਦੀ ਕੋਈ ਇੱਛਾ ਨਹੀਂ ਹੈ। ਉਨ੍ਹਾਂ ਕਿਹਾ ਕਿ ਉਹ ਇਸ ਵੇਲੇ ਲੁਧਿਆਣਾ ਤੋਂ ਲੋਕ ਸਭਾ ਮੈਂਬਰ ਹਨ ਤੇ ਇਸ ਤੋਂ ਵੱਡਾ ਕੁਝ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਵਿਚ ਸੰਸਦ ਮੈਂਬਰਾਂ ਨੂੰ ਲੜਾਉਣਾ ਜਾਂ ਨਾ ਲੜਾਉਣਾ ਹਾਈਕਮਾਂਡ ਦਾ ਫ਼ੈਸਲਾ ਹੈ। ਉਨ੍ਹਾਂ ਕਿਹਾ ਕਿ ਇਸ ਦਾ ਫ਼ੈਸਲਾ ਰਾਹੁਲ ਗਾਂਧੀ, ਮੱਲਿਕਾਰਜੁਨ ਖੜਗੇ ਤੇ ਸਚਿਨ ਪਾਇਲਟ ਨੇ ਲੈਣਾ ਹੈ।

ਢਾਕਾ ਤੋਂ ਸ਼ੇਖ਼ ਹਸੀਨਾ ਦੇ ਜ਼ਿਲ੍ਹੇ ਗੋਪਾਲਗੰਜ ਤੱਕ ਬੰਬ ਧਮਾਕੇ

ਬੰਗਲਾਦੇਸ਼ 'ਚ ਮੁੜ ਭੜਕੀ ਹਿੰਸਾ !

ਢਾਕਾ, 19 ਨਵੰਬਰ (ਆਵਾਜ਼ਿ ਕੌਮ ਬਿਊਰੋ)-ਬੰਗਲਾਦੇਸ਼ ਇੱਕ ਵਾਰ ਫਿਰ ਰਾਜਨੀਤਿਕ ਹਿੰਸਾ ਅਤੇ ਅੱਗਜ਼ਨੀ ਦੀ ਲਪੇਟ ਵਿੱਚ ਆ ਗਿਆ ਹੈ। ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੀ ਪਾਬੰਦੀਸ਼ੁਦਾ ਅਵਾਮੀ ਲੀਗ ਪਾਰਟੀ ਵੱਲੋਂ ਐਲਾਨੇ ਗਏ 'ਲੌਕਡਾਊਨ' ਤੋਂ ਠੀਕ ਪਹਿਲਾਂ, ਦੇਸ਼ ਭਰ ਵਿੱਚ ਅਸ਼ਾਂਤੀ ਫੈਲ ਗਈ ਹੈ। ਰਾਜਧਾਨੀ ਢਾਕਾ ਵਿੱਚ ਕਈ ਦੇਸੀ ਬੰਬ ਧਮਾਕੇ ਹੋਏ ਹਨ।ਪਿਛਲੇ ਦੋ ਦਿਨਾਂ ਵਿੱਚ,ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਯੂਨੁਸ ਦੇ ਗ੍ਰਾਮੀਣ ਬੈਂਕ ਦੀਆਂ ਕਈ ਸ਼ਾਖਾਵਾਂ ਨੂੰ ਅੱਗ ਲਗਾ ਦਿੱਤੀ ਗਈ ਹੈ, ਜਿਨ੍ਹਾਂ ਵਿੱਚ ਸਿਲਹਟ, ਰਾਜਸ਼ਾਹੀ, ਬਾਰੀਸਾਲ ਅਤੇ ਫਰੀਦਪੁਰ ਸ਼ਾਮਲ ਹਨ। ਅਣਪਛਾਤੇ ਵਿਅਕਤੀਆਂ ਨੇ ਚਟਗਾਓਂ ਦੇ ਪੰਚਲਾਈਸ ਖੇਤਰ ਵਿੱਚ ਅੰਤਰਿਮ ਸਰਕਾਰ ਦੇ ਸਾਬਕਾ ਮੁਖੀ ਮੁਹੰਮਦ ਯੂਨਸ ਦੇ ਜੱਦੀ ਘਰ



ਨੂੰ ਅੱਗ ਲਗਾ ਦਿੱਤੀ। ਇਸ ਦੌਰਾਨ, ਅਖਬਾਰਾਂ ਦੀਆਂ ਰਿਪੋਰਟਾਂ ਦੇ ਅਨੁਸਾਰ, ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਦੀ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਦੇ ਕਾਰਕੁਨਾਂ ਨੇ ਰਾਤੋ ਰਾਤ ਢਾਕਾ ਵਿੱਚ ਦੋ ਅਵਾਮੀ ਲੀਗ ਨੇਤਾਵਾਂ ਦੇ ਘਰਾਂ 'ਤੇ ਹਮਲਾ ਕੀਤਾ ਅਤੇ ਅੱਗ ਲਗਾ ਦਿੱਤੀ। ਦੇਸ਼ ਦੇ 64 ਪ੍ਰਸ਼ਾਸਕੀ ਜ਼ਿਲ੍ਹਿਆਂ ਵਿੱਚੋਂ 28 ਵਿੱਚ ਦਰਜਨਾਂ ਬੰਬ ਧਮਾਕੇ ਹੋਏ ਹਨ, ਅਤੇ ਕਈ ਵਾਹਨਾਂ ਨੂੰ ਅੱਗ ਲਗਾ ਦਿੱਤੀ ਗਈ ਹੈ। ਢਾਕਾ ਵਿੱਚ ਹੁਣ ਤੱਕ ਹੋਈ ਹਿੰਸਾ ਵਿੱਚ ਘੱਟੋ-ਘੱਟ ਚਾਰ ਲੋਕ ਜ਼ਖਮੀ ਹੋ ਗਏ ਹਨ। ਪੱਛਮੀ ਨਰੈਲ ਜ਼ਿਲ੍ਹੇ ਵਿੱਚ, ਦੋ ਸਥਾਨਕ ਸੱਤਾਧਾਰੀ ਪਾਰਟੀ ਦੇ ਨੇਤਾ ਉਦੋਂ ਮਾਰੇ ਗਏ ਜਦੋਂ ਅਵਾਮੀ ਲੀਗ ਦੇ ਵਰਕਰਾਂ ਨੇ ਇੱਕ ਬੀਐਨਪੀ ਮਾਰਚ 'ਤੇ ਹਮਲਾ ਕੀਤਾ। ਫਰੀਦਪੁਰ ਅਤੇ ਪੀਰੋਜਪੁਰ ਵਿੱਚ ਇੱਕ ਬੀਐਨਪੀ ਨੇਤਾ ਅਤੇ ਇੱਕ ਟਰਾਂਸਪੋਰਟ ਵਰਕਰ ਮਾਰਿਆ ਗਿਆ। ਅਵਾਮੀ ਲੀਗ ਨੇ ਪਿਛਲੇ ਸਾਲ ਇੱਕ ਵਿਸ਼ੇਸ਼ ਟ੍ਰਿਬਿਊਨਲ ਰਾਹੀਂ ਮਨੁੱਖਤਾ ਵਿਰੁੱਧ ਅਪਰਾਧਾਂ ਲਈ ਸ਼ੇਖ ਹਸੀਨਾ ਦੀ ਗੈਰਹਾਜ਼ਰੀ ਵਿੱਚ ਮੌਤ ਦੀ ਸਜ਼ਾ ਦੀ ਵਰ੍ਹੇਗੰਢ ਮਨਾਉਣ ਲਈ ਇਹ ਤਾਲਾਬੰਦੀ ਦਾ ਸੱਦਾ ਦਿੱਤਾ ਹੈ। 5 ਅਗਸਤ, 2024 ਨੂੰ ਵਿਦਿਆਰਥੀ ਅੰਦੋਲਨ ਤੋਂ ਬਾਅਦ ਸੱਤਾ ਤੋਂ ਬੇਦਖਲ ਹੋਣ ਤੋਂ ਬਾਅਦ ਹਸੀਨਾ ਭਾਰਤ ਵਿੱਚ ਰਹਿ ਰਹੀ ਹੈ।

ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਲਿਆਉਣ ਡਿਬਰੂਗੜ੍ਹ ਜੇਲ੍ਹ ਪਹੁੰਚੀ ਪੁਲਸ

ਡਿਬਰੂਗੜ੍ਹ, 19 ਨਵੰਬਰ (ਆਵਾਜ਼ਿ ਕੌਮ ਬਿਊਰੋ)-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਅੰਮ੍ਰਿਤਸਰ ਲਿਆਉਣ ਲਈ ਡੀਐਸਪੀ ਪੱਧਰ ਦੇ ਅਧਿਕਾਰੀ ਦੀ ਅਗਵਾਈ ਹੇਠ ਪੰਜਾਬ ਪੁਲਸ ਦੀ 5 ਮੈਂਬਰੀ ਟੀਮ ਅਸਾਮ ਪਹੁੰਚ ਚੁੱਕੀ ਹੈ।ਪੁਲਸ ਟੀਮ 21 ਨਵੰਬਰ ਨੂੰ ਅੰਮ੍ਰਿਤਪਾਲ ਸਿੰਘ ਨੂੰ ਲੈ ਕੇ ਅੰਮ੍ਰਿਤਸਰ ਪਹੁੰਚੇਗੀ। ਅੰਮ੍ਰਿਤਸਰ ਦੀ ਸੈਸ਼ਨ ਅਦਾਲਤ ਨੇ ਉਨ੍ਹਾਂ ਨੂੰ ਆਪਣੀ ਦਾਦੀ ਚਰਨ ਕੌਰ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਦੁਪਹਿਰ 12 ਵਜੇ ਤੋਂ 3 ਵਜੇ ਤੱਕ (ਕੁੱਲ 3 ਘੰਟੇ) ਦੀ ਕਸਟਡੀ ਪੈਰੋਲ ਦਿੱਤੀ ਹੈ। ਉਨ੍ਹਾਂ ਦੀ ਦਾਦੀ ਚਰਨ ਕੌਰ ਦਾ ਦਿਹਾਂਤ 8 ਨਵੰਬਰ ਨੂੰ ਹੋਇਆ ਸੀ ਅਤੇ ਉਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਜੱਲੂਪੁਰ ਖੇੜਾ (ਅੰਮ੍ਰਿਤਸਰ) ਵਿਖੇ ਖੇਤਾਂ ਵਿੱਚ ਕੀਤਾ ਜਾਵੇਗਾ। ਅੰਮ੍ਰਿਤਪਾਲ ਸਿੰਘ ਨੂੰ ਲਿਆਉਣ ਅਤੇ ਵਾਪਸ ਲੈ ਜਾਣ ਦੀਆਂ ਤਿਆਰੀਆਂ ਲਈ ਉਨ੍ਹਾਂ ਦੇ ਪਰਿਵਾਰ ਨੇ ਪੁਲਸ ਦੇ ਸਰਕਾਰੀ ਖਾਤੇ ਵਿੱਚ 10 ਲੱਖ ਰੁਪਏ ਜਮ੍ਹਾਂ ਕਰਵਾਏ ਹਨ। ਇਸ ਵਿੱਚੋਂ 7 ਲੱਖ 84 ਹਜ਼ਾਰ ਰੁਪਏ ਅੰਮ੍ਰਿਤਪਾਲ ਸਿੰਘ ਤੇ 5 ਪੁਲਸ ਮੁਲਾਜ਼ਮਾਂ ਦੀਆਂ ਆਉਣ-ਜਾਣ ਦੀਆਂ ਹਵਾਈ ਟਿਕਟਾਂ 'ਤੇ ਖਰਚ ਹੋਣਗੇ। ਪੰਜਾਬ ਪੁਲਸ ਨੇ 3 ਦਿਨਾਂ ਦੀ ਪੈਰੋਲ ਲਈ ਸੁਰੱਖਿਆ ਪ੍ਰਬੰਧਾਂ ਦੀ ਅਸਮਰੱਥਾ ਜ਼ਾਹਰ ਕੀਤੀ ਸੀ, ਜਿਸ ਕਾਰਨ ਅਦਾਲਤ ਨੇ ਕੇਵਲ 3 ਘੰਟੇ ਦੀ ਹੀ ਪੈਰੋਲ ਮਨਜ਼ੂਰ ਕੀਤੀ।



ਮੋਹਾਲੀ 'ਚ ਦਿਲ ਦਹਿਲਾ ਦੇਣ ਵਾਲੀ ਵਾਰਦਾਤ, ਗੁਆਂਢਣ ਬੱਚੇ ਨੂੰ ਹੱਸਦਾ-ਖੇਡਦਾ ਦੇਖ ਬਰਦਾਸ਼ਤ ਨਹੀਂ ਕਰ ਸਕੀ

ਮੋਹਾਲੀ, 19 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮੋਹਾਲੀ ਵਿੱਚ ਗੁਰਸਾਂਝ ਨਾਮਕ 2 ਸਾਲ ਦੇ ਬੱਚੇ ਦਾ ਕਤਲ ਉਸ ਦੇ ਹੀ ਪਿੰਡ ਦੀ ਇੱਕ ਔਰਤ ਵੱਲੋਂ ਕਰ ਦਿੱਤਾ ਗਿਆ। ਉਸ ਔਰਤ ਨੇ ਹਾਲ ਹੀ ਵਿੱਚ ਗਰਭਪਾਤ ਕਰਵਾਇਆ ਸੀ, ਜਿਸ ਕਾਰਨ ਉਹ ਬਹੁਤ ਗੁੱਸੇ ਵਿੱਚ ਸੀ। ਉਹ ਗੁਰਸਾਂਝ ਨੂੰ ਆਪਣੇ ਘਰ ਦੇ ਬਾਹਰ ਹੱਸਦੇ-ਖੇਡਦੇ ਦੇਖ ਨਹੀਂ ਸਕੀ। ਉਸ ਨੇ ਬੱਚੇ ਨੂੰ ਉਸ ਦੇ ਘਰ ਦੇ ਬਾਹਰੋਂ ਅਗਵਾ ਕਰ ਲਿਆ, ਗੁਆਂਢੀ ਦੀ ਛੱਤ 'ਤੇ ਲੈ ਗਈ ਅਤੇ ਉੱਥੇ ਉਸ ਦਾ ਕਤਲ ਕਰ ਦਿੱਤਾ।ਪੁਲਿਸ ਨੇ ਦੋਸ਼ੀ ਔਰਤ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਮੁੱਢਲੀ ਪੁੱਛਗਿੱਛ ਤੋਂ ਪਤਾ ਲੱਗਾ ਹੈ ਕਿ ਉਸ ਨੇ ਖੇਡਦੇ ਹੋਏ ਬੱਚੇ ਨੂੰ ਲੁਭਾ ਕੇ ਆਪਣੇ ਘਰ ਬੁਲਾ ਲਿਆ ਅਤੇ ਉਸ ਦਾ ਕਤਲ ਕਰ ਦਿੱਤਾ, ਫਿਰ ਲਾਸ਼ ਨੂੰ ਆਪਣੇ ਘਰ ਦੇ ਇੱਕ ਕਮਰੇ ਵਿੱਚ ਲੁਕਾ ਦਿੱਤਾ। ਪਰਿਵਾਰ ਨੇ ਰਾਤ 1:30 ਵਜੇ ਤੱਕ ਬੱਚੇ ਦੀ ਭਾਲ ਕੀਤੀ, ਪਰ ਉਸ ਸਮੇਂ ਟੀਨ ਦੀ ਛੱਤ ਵਾਲੀ ਉਸ ਥਾਂ 'ਤੇ ਲਾਸ਼ ਨਹੀਂ ਮਿਲੀ। ਸਵੇਰ ਤੱਕ, ਔਰਤ ਨੇ ਲਾਸ਼ ਨੂੰ ਗੁਆਂਢੀ ਦੇ ਘਰ ਦੇ ਬਾਹਰ ਰੱਖ ਦਿੱਤਾ ਸੀ। ਪੁਲਿਸ ਅਨੁਸਾਰ, ਜਿਸ ਪਰਿਵਾਰ ਦੇ ਘਰ ਲਾਸ਼ ਮਿਲੀ ਹੈ, ਉਨ੍ਹਾਂ ਦੇ ਪੀੜਤ ਪਰਿਵਾਰ ਨਾਲ ਸਬੰਧ ਖਰਾਬ ਸਨ; ਮੰਨਿਆ ਜਾ ਰਿਹਾ ਹੈ ਕਿ ਇਹੀ ਇਸ ਘਟਨਾ ਪਿੱਛੇ ਮੁੱਖ ਕਾਰਨ (ਮਨਸ਼ਾ) ਸੀ। ਔਰਤ ਦੇ ਘਰ ਦੇ ਇੱਕ ਕਮਰੇ ਵਿੱਚੋਂ ਇੱਕ ਕੰਬਲ, ਇੱਕ ਚਾਦਰ ਅਤੇ ਬੱਚੇ ਦੇ ਕੁਝ ਵਾਲ ਬਰਾਮਦ ਕੀਤੇ ਗਏ ਹਨ। ਔਰਤ ਦੇ ਨਹੁੰਆਂ ਸਮੇਤ ਹੋਰ ਨਮੂਨੇ ਅਤੇ ਡੀ.ਐਨ.ਏ. ਦੇ ਨਮੂਨੇ ਇਕੱਠੇ ਕੀਤੇ ਗਏ ਹਨ। ਪੁਲਿਸ ਵੱਲੋਂ ਪੁੱਛਗਿੱਛ ਜਾਰੀ ਹੈ। ਇਸ ਮਾਮਲੇ ਵਿੱਚ 'ਨਰਬਲੀ' ਦੀ ਸੰਭਾਵਨਾ ਬਾਰੇ ਵੀ ਚਰਚਾ ਹੈ, ਹਾਲਾਂਕਿ ਪੁਲਿਸ ਫਿਲਹਾਲ ਇਸ ਨੂੰ ਕਤਲ ਦਾ ਮਾਮਲਾ ਮੰਨ ਕੇ ਹੀ ਜਾਂਚ ਕਰ ਰਹੀ ਹੈ। ਲਾਲਰੂ ਦੇ ਪਿੰਡ ਬੱਲੋਪੁਰ ਦੇ ਰਹਿਣ ਵਾਲੇ ਗੁਰਵਿੰਦਰ ਸਿੰਘ ਦਾ 2 ਸਾਲਾ ਪੁੱਤਰ, ਗੁਰਸਾਂਝ, 14 ਨਵੰਬਰ ਨੂੰ ਦੁਪਹਿਰ ਕਰੀਬ 1:30 ਵਜੇ ਆਪਣੇ ਘਰ ਦੇ ਬਾਹਰ ਗਲੀ ਵਿੱਚ ਖੇਡ ਰਿਹਾ ਸੀ। ਪਰਿਵਾਰ ਅਨੁਸਾਰ, ਜਦੋਂ ਉਸ ਦੇ ਦਾਦਾ ਬਹਾਦਰ ਸਿੰਘ ਅਤੇ ਪਰਿਵਾਰ ਦੇ ਹੋਰ ਮੈਂਬਰਾਂ ਨੇ ਉਸ ਨੂੰ ਲੱਭਣਾ ਸ਼ੁਰੂ ਕੀਤਾ, ਤਾਂ ਉਹ ਕਿਤੇ ਵੀ ਨਹੀਂ ਮਿਲਿਆ। ਉਨ੍ਹਾਂ ਨੇ ਪਿੰਡ ਦੀਆਂ ਗਲੀਆਂ, ਗੁਆਂਢੀਆਂ ਦੇ ਘਰਾਂ ਅਤੇ ਨੇੜਲੇ ਖੇਤਾਂ ਵਿੱਚ ਉਸ ਦੀ ਭਾਲ ਕੀਤੀ। 15 ਨਵੰਬਰ ਦੀ ਸਵੇਰ ਨੂੰ ਗੁਰਸਾਂਝ ਦੀ ਲਾਸ਼ ਇੱਕ ਗੁਆਂਢੀ, ਰਾਜਬੀਰ ਸਿੰਘ ਦੇ ਘਰ ਦੀ ਟੀਨ ਵਾਲੀ ਛੱਤ 'ਤੇ ਮਿਲੀ ਜੋ ਉਸਦੇ ਆਪਣੇ ਘਰ ਤੋਂ ਲਗਭਗ ਚਾਰ-ਪੰਜ ਘਰ ਦੂਰ ਹੈ। ਪਰਿਵਾਰ ਅਤੇ ਮੌਕੇ 'ਤੇ ਮੌਜੂਦ ਲੋਕਾਂ ਅਨੁਸਾਰ, ਬੱਚੇ ਦੇ ਸਰੀਰ 'ਤੇ ਸੱਟਾਂ ਦੇ ਨਿਸ਼ਾਨ ਅਤੇ ਖਰੋਚਾਂ ਸਨ। ਲਾਸ਼ ਮਿਲਣ ਤੋਂ ਬਾਅਦ ਪਰਿਵਾਰ ਨੂੰ ਕਤਲ ਦਾ ਸ਼ੱਕ ਹੋਇਆ। ਪੁਲਿਸ ਅਨੁਸਾਰ, ਜਿਸ ਗੁਆਂਢੀ ਦੀ ਛੱਤ 'ਤੇ ਲਾਸ਼ ਮਿਲੀ ਸੀ, ਉਸਦੇ ਪਰਿਵਾਰ ਅਤੇ ਗੁਰਸਾਂਝ ਦੇ ਪਰਿਵਾਰ ਵਿਚਕਾਰ ਪਹਿਲਾਂ ਤੋਂ ਹੀ ਕੋਈ ਰੰਜਿਸ਼ ਚੱਲ ਰਹੀ ਸੀ।



ਪਟਿਆਲਾ 'ਚ ਵੱਡਾ ਹਾਦਸਾ, ਭਾਖੜਾ ਨਹਿਰ 'ਤੇ ਬਣਿਆ ਪੁੱਲ ਟੁੱਟਿਆ, ਇੱਕ ਟਰੱਕ ਨੂੰ ਲੱਗੀ ਅੱਗ



ਪਟਿਆਲਾ, 19 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪਟਿਆਲਾ 'ਚ ਵੀਰਵਾਰ ਨੂੰ ਤੜਕਸਾਰ ਉਦੋਂ ਵੱਡਾ ਜਾਨੀ ਨੁਕਸਾਨ ਹੋਣੋਂ ਬਚ ਗਿਆ, ਜਦੋਂ ਭਾਖੜਾ ਨਹਿਰ 'ਤੇ ਬਣਿਆ ਇੱਕ ਲੋਹੇ ਦਾ ਪੁੱਲ ਡਿੱਗ ਕੇ ਜ਼ਮੀਨ 'ਚ ਧੱਸ ਗਿਆ। ਜਾਣਕਾਰੀ ਅਨੁਸਾਰ, ਪੁੱਲ ਦੇ ਧੱਸਣ ਮੌਕੇ ਉਪਰ ਟਰੱਕਾਂ ਦੀ ਆਵਾਜਾਈ ਸੀ, ਜਿਸ ਦੌਰਾਨ ਦੋ ਟਰੱਕ ਮੌਕੇ 'ਤੇ ਪੁੱਲ ਵਿੱਚ ਧੱਸ ਗਏ। ਮੌਕੇ 'ਤੇ ਇੱਕ ਟਰੱਕ ਨੂੰ ਅੱਗ ਵੀ ਲੱਗ ਗਈ, ਜੋ ਕਿ ਬੁਰੀ ਤਰ੍ਹਾਂ ਸੜ ਗਿਆ। ਮੌਕੇ ਤੋਂ ਜਾਣਕਾਰੀ ਅਨੁਸਾਰ, ਇਹ ਪੁੱਲ ਪਟਿਆਲਾ-ਸੰਗਰੂਰ ਬਾਈਪਾਸ 'ਤੇ ਪਿੰਡ ਪਾਸਿਆਣਾ ਨੇੜੇ ਬਣਿਆ ਹੋਇਆ ਹੈ। ਅੱਜ ਤੜਕਸਾਰ ਜਦੋਂ ਦੋ ਟਰਾਲੇ ਪੁੱਲ ਦੇ ਉਪਰੋਂ ਲੰਘ ਰਹੇ ਸਨ ਤਾਂ ਅਚਾਨਕ ਇਹ ਘਟਨਾ ਵਾਪਰੀ, ਜਿਸ ਦੌਰਾਨ ਪੁੱਲ ਅਚਾਨਕ ਟੁੱਟ ਗਿਆ ਅਤੇ ਧੱਸ ਗਿਆ। ਹਾਲਾਂਕਿ, ਪੁੱਲ ਟੁੱਟਣ ਦੇ ਅਸਲ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ। ਜਾਣਕਾਰੀ ਅਨੁਸਾਰ, ਘਟਨਾ ਕਾਰਨ ਮੌਕੇ 'ਤੇ ਹਫੜਾ-ਦਫੜੀ ਵਾਲਾ ਮਾਹੌਲ ਬਣ ਗਿਆ, ਕਿਉਂਕਿ ਇਹ ਚੰਡੀਗੜ੍ਹ-ਬਠਿੰਡਾ ਲਈ ਮੁੱਖ ਰਸਤਾ ਹੈ। ਟਰੱਕ ਨੂੰ ਅੱਗ ਲੱਗਣ ਦੀ ਘਟਨਾ ਪਿੱਛੋਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਸੂਚਿਤ ਕੀਤਾ ਗਿਆ, ਜਿਨ੍ਹਾਂ ਨੇ ਮੌਕੇ 'ਤੇ ਪਹੁੰਚ ਕੇ ਤੁਰੰਤ ਅੱਗ 'ਤੇ ਕਾਬੂ ਪਾ ਲਿਆ। ਭਾਵੇਂ ਇਸ ਵਿੱਚ ਜਾਨੀ ਨੁਕਸਾਨ ਤਾਂ ਨਹੀਂ ਹੋਇਆ, ਪਰ ਪੁੱਲ ਦੇ ਅਚਾਨਕ ਇਸ ਤਰ੍ਹਾਂ ਡਿੱਗਣ ਨੇ ਕਈ ਤਰ੍ਹਾਂ ਦੇ ਸਵਾਲ ਵੀ ਖੜੇ ਕੀਤੇ ਹਨ ਕਿਉਂਕਿ ਕੁੱਝ ਸਮਾਂ ਪਹਿਲਾਂ ਹੀ ਇਸ ਪੁੱਲ ਦੀ ਮੁਰੰਮਤ ਹੋਈ ਸੀ। ਪੁੱਲ ਡਿੱਗਣ ਕਾਰਨ ਭਾਖੜਾ ਨਦੀ ਦਾ ਪਾਣੀ ਵੀ ਉੱਪਰੋਂ ਵਹਿਣਾ ਸ਼ੁਰੂ ਹੋ ਗਿਆ ਹੈ। ਪੁਲ ਦੇ ਦੋਵੇਂ ਪਾਸੇ ਬੈਰੀਕੇਡ ਲਗਾ ਕੇ ਆਵਾਜਾਈ ਨੂੰ ਰੋਕ ਦਿੱਤਾ ਗਿਆ ਹੈ। ਦੋਵਾਂ ਟਰੱਕਾਂ ਵਿੱਚ ਕਿੰਨੇ ਲੋਕ ਸਵਾਰ ਸਨ ਅਤੇ ਉਨ੍ਹਾਂ ਦੇ ਮੌਜੂਦਾ ਟਿਕਾਣੇ ਬਾਰੇ ਜਾਣਕਾਰੀ ਉਪਲਬਧ ਨਹੀਂ ਹੈ। ਮੌਕੇ 'ਤੇ ਇੱਕ ਟਰੱਕ ਦੇ ਡਰਾਈਵਰ ਨੇ ਦੱਸਿਆ ਕਿ ਪੁੱਲ ਅਚਾਨਕ ਡਿੱਗ ਗਿਆ, ਇੱਕਦਮ ਧਮਾਕੇ ਵਾਂਗ ਆਵਾਜ਼ ਆਈ। ਉਸ ਨੇ ਕਿਹਾ ਕਿ ਸਾਨੂੰ ਖੁਦ ਵੀ ਨਹੀਂ ਪਤਾ ਲੱਗਾ ਕਿ ਆਖਿਰ ਹੋਇਆ ਕੀ ਹੈ। ਉਸ ਨੇ ਕਿਹਾ ਕਿ ਇਹ ਸਵੇਰੇ 6 ਵਜੇ ਦੇ ਲਗਭਗ ਘਟਨਾ ਵਾਪਰੀ ਹੈ। ਹਾਲਾਂਕਿ, ਕਿਸੇ ਦੇ ਗੰਭੀਰ ਸੱਟ ਤਾਂ ਨਹੀਂ ਵੱਜੀ, ਪਰ ਫਿਰ ਵੀ ਜਾਂਚ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ।

ਪੰਜਾਬ ਦੇ ਕਈ ਜ਼ਿਲਿਆਂ 'ਚ ਪੈਰਾਮਿਲਟਰੀ ਫੋਰਸ ਤਾਇਨਾਤ, ਵਧਾਈ ਗਈ ਸੁਰੱਖਿਆ



ਜਲੰਧਰ, 19 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ 'ਚ ਆਗਾਮੀ ਚੋਣਾਂ ਦੇ ਮੱਦੇਨਜ਼ਰ ਸਰਹੱਦੀ ਜ਼ਿਲਿਆਂ 'ਚ ਪ੍ਰਸ਼ਾਸਨ ਅਤੇ ਪੁਲਸ ਨੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਇਸੇ ਕੜੀ ਤਹਿਤ ਹਰਿਆਣਾ ਅਤੇ ਰਾਜਸਥਾਨ ਦੀ ਸਰਹੱਦ ਨਾਲ ਲੱਗਦੇ ਪੰਜਾਬ ਦੇ ਜ਼ਿਲਿਆਂ 'ਚ ਚੋਣ ਤਿਆਰੀਆਂ ਦੀ ਸਮੀਖਿਆ ਕਰਨ ਅਤੇ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਉਣ ਲਈ ਰੋਜ਼ਾਨਾ ਮੀਟਿੰਗਾਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ, ਜਿਸ 'ਚ ਪੰਜਾਬ ਪੁਲਸ ਦੇ ਸੀਨੀਅਰ ਅਧਿਕਾਰੀ ਹਿੱਸਾ ਲੈ ਰਹੇ

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ਿ ਕੌਮ AWAZE QAUM International Newspaper & WEB TV


ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਪਰ)

ਸਾਡਾ ਪਤਾ: Lambra near Jalandhar







ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ �े ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ

ਪੰਥਕ ਹਿੱਤਾਂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰਵਉੱਚ ਸਤਿਕਾਰ ਨੂੰ ਤਰਜੀਹ ਦਿੱਤੀ ਜਾਵੇ : ਪ੍ਰੋ. ਸਰਚਾਂਦ ਸਿੰਘ ਖਿਆਲਾ

ਜਥੇਦਾਰ ਕਿਸੇ ਧਿਰ ਦੇ ਸਿਆਸੀ ਹਿੱਤਾਂ ਲਈ ਢਾਲ ਤਾਂ ਨਹੀਂ ਬਣ ਰਹੇ ? ਮਾਹਿਰ ਕਮੇਟੀ ਨੂੰ ਗੱਲਬਾਤ ਤੋਂ ਪਿੱਛੇ ਕੌਣ ਹਟਾ ਰਿਹਾ ਹੈ ?

ਅੰਮ੍ਰਿਤਸਰ, 19 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸਿੱਖ ਚਿੰਤਕ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨਾਲ ਡੂੰਘੀ ਤਰ੍ਹਾਂ ਜੁੜੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ, 2026 ਦੇ ਮਾਮਲੇ ਵਿੱਚ ਪੰਥਕ ਸਫ਼ਾਂ ਵੱਲੋਂ ਉਠਾਏ ਗਏ ਇਤਰਾਜ਼ਾਂ, ਸੁਝਾਵਾਂ ਅਤੇ ਹੋਰ ਅਹਿਮ ਪਹਿਲੂਆਂ 'ਤੇ ਵਿਚਾਰ-ਵਟਾਂਦਰੇ ਲਈ ਪੰਜਾਬ ਸਰਕਾਰ ਦੀ ਤਾਲਮੇਲ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਗਠਿਤ ਮਾਹਿਰ ਕਮੇਟੀ ਨੂੰ ਆਪਸੀ ਸਤਿਕਾਰ ਅਤੇ ਸਹਿਮਤੀ ਨਾਲ ਗੱਲਬਾਤ ਦੀ ਪ੍ਰਕਿਰਿਆ ਅੱਗੇ ਵਧਾਉਣ 'ਚ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਹੈ।

ਵਿਚਾਰ ਆਪੋ-ਆਪਣਾ

ਪ੍ਰੋ. ਖਿਆਲਾ ਨੇ ਕਿਹਾ ਕਿ ਬੇਸ਼ੱਕ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਆਪਣੇ ਵਾਅਦੇ ਮੁਤਾਬਕ ਬੇਅਦਬੀ ਦੇ ਮਾਮਲਿਆਂ ਵਿੱਚ ਇਨਸਾਫ਼ ਦਿਵਾਉਣ ਵਿੱਚ ਨਾਕਾਮ ਰਹੇ ਹਨ, ਜਿਸ ਦੀ ਆਲੋਚਨਾ ਹੋਣੀ ਸੁਭਾਵਿਕ ਹੈ। 14 ਜੁਲਾਈ 2025 ਨੂੰ ਵਿਧਾਨ ਸਭਾ ਵਿੱਚ ਪੇਸ਼ ਕੀਤਾ ਗਿਆ 'ਪਵਿੱਤਰ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ, 2025' ਛੇ ਮਹੀਨਿਆਂ ਲਈ ਸਿਲੈਕਟ ਕਮੇਟੀ ਦੇ ਹਵਾਲੇ ਕੀਤਾ ਗਿਆ ਸੀ, ਪਰ 16 ਮਹੀਨੇ ਬੀਤ ਜਾਣ ਦੇ ਬਾਵਜੂਦ ਉਸ ਦਾ ਕੋਈ ਅਤਾ-ਪਤਾ ਨਹੀਂ। ਸਰਕਾਰ ਦੀ ਇਸ ਨਾਕਾਮੀ 'ਤੇ ਸਵਾਲ ਉੱਠਣੇ ਲਾਜ਼ਮੀ ਹਨ। ਪਰ ਸੋਧ ਕਾਨੂੰਨ ਦਾ ਮਾਮਲਾ ਵੱਖਰਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਗੱਲ ਸਹੀ ਹੈ ਕਿ ਸੋਧ ਕਾਨੂੰਨ ਲਿਆਉਣ ਸਮੇਂ ਮਾਨ ਸਰਕਾਰ ਨੇ ਪੰਥਕ ਧਿਰਾਂ ਨਾਲ ਕੋਈ ਢੁਕਵਾਂ ਸਲਾਹ-ਮਸ਼ਵਰਾ ਨਹੀਂ ਕੀਤਾ, ਜਿਸ ਕਾਰਨ ਕਾਨੂੰਨ ਵਿੱਚ ਕਈ ਖ਼ਾਮੀਆਂ ਸਾਹਮਣੇ ਆਈਆਂ। ਇਹ ਵੀ ਕਿਹਾ ਜਾਂਦਾ ਰਿਹਾ ਕਿ ਸਰਕਾਰ ਨੇ ਪੰਥ ਨਾਲ ਰਾਬਤਾ ਕਾਇਮ ਕਰਨ ਵਿੱਚ ਦੇਰੀ ਕੀਤੀ, ਜੋ ਉਸ ਦੀ ਗੈਰ-ਸੰਜੀਦਗੀ ਨੂੰ ਦਰਸਾਉਂਦਾ ਸੀ। ਪਰ ਹੁਣ ਸਵਾਲ ਇਹ ਉੱਠਦਾ ਹੈ ਕਿ ਇਸ ਸਮੇਂ ਹੋਰ ਦੇਰੀ ਕੌਣ ਕਰ ਰਿਹਾ ਹੈ ? ਗੈਰ-ਸੰਜੀਦਗੀ ਵਾਲਾ ਰਵੱਈਆ ਹੁਣ ਕੌਣ ਅਪਣਾ ਰਿਹਾ ਹੈ ?

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰਵਉੱਚ ਸਤਿਕਾਰ ਤੇ ਸ਼ਰਧਾ ਨਾਲ ਜੁੜੇ ਅਤੇ ਪੰਥ ਦੇ ਵਡੇਰੇ ਹਿੱਤਾਂ ਲਈ ਇਸ ਸੰਵੇਦਨਸ਼ੀਲ ਮਾਮਲੇ ਦਾ ਸਥਾਈ ਅਤੇ ਢੁੱਕਵਾਂ ਹੱਲ ਦੋਵੇਂ ਧਿਰਾਂ ਵੱਲੋਂ ਆਹਮੋ-ਸਾਹਮਣੇ ਬੈਠ ਕੇ ਸਾਰੇ ਇਤਰਾਜ਼ਾਂ ਅਤੇ ਚਿੰਤਾਵਾਂ 'ਤੇ ਬੇਹੱਦ ਗੰਭੀਰਤਾ, ਇਮਾਨਦਾਰੀ, ਸੰਵੇਦਨਸ਼ੀਲਤਾ, ਆਪਸੀ ਸਹਿਯੋਗ ਅਤੇ ਸਹਿਮਤੀ ਨਾਲ ਵਿਚਾਰ-ਵਟਾਂਦਰਾ ਕਰਨ ਰਾਹੀਂ ਹੀ ਸੰਭਵ ਹੈ।



ਪ੍ਰੋ. ਖਿਆਲਾ ਨੇ ਕਿਹਾ ਕਿ ਸਰਕਾਰੀ ਤਾਲਮੇਲ ਕਮੇਟੀ ਵੱਲੋਂ ਐਕਟ ਦੇ ਹਰ ਜ਼ਰੂਰੀ ਪਹਿਲੂ ਦੀ ਪੜਤਾਲ ਕਰਨ, ਜਿੱਥੇ ਵੀ ਲੋੜ ਹੋਵੇ ਸੋਧ ਕਰਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਸਮੇਤ ਸਾਰੇ ਮਾਮਲਿਆਂ 'ਤੇ ਬਿਨਾਂ ਕਿਸੇ ਸ਼ਰਤ ਦੇ ਵਿਚਾਰ ਕਰਨ ਦੀ ਤਿਆਗੀ ਦੇ ਬਾਵਜੂਦ 18 ਨਵੰਬਰ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਰੱਖੀ ਗਈ ਸਾਂਝੀ ਮੀਟਿੰਗ ਵਿੱਚ ਮਾਹਿਰ ਕਮੇਟੀ ਦਾ ਸ਼ਾਮਲ ਨਾ ਹੋਣਾ ਕਈ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਸਵਾਲ ਇਹ ਹੈ ਕਿ ਇਸ ਮਾਮਲੇ ਨੂੰ ਲਟਕਾਉਣ ਪਿੱਛੇ ਕਿਤੇ ਸਿਆਸਤ ਤਾਂ ਨਹੀਂ ਹੋ ਰਹੀ ? ਕਿਸੇ ਇੱਕ ਧਿਰ ਦੇ ਸਿਆਸੀ ਲਾਹੇ ਲਈ ਜਥੇਦਾਰ ਸਿਆਸੀ ਢਾਲ ਤਾਂ ਨਹੀਂ ਬਣ ਰਿਹਾ ?

ਅਤੀਤ ਵਿੱਚ ਜਥੇਦਾਰਾਂ ਵੱਲੋਂ ਸਿਆਸਤ ਤੋਂ ਪ੍ਰੇਰਿਤ ਲਏ ਗਏ ਫ਼ੈਸਲਿਆਂ ਨੇ ਤਖ਼ਤ ਸਾਹਿਬ ਦੀ ਆਭਾ ਅਤੇ ਜਥੇਦਾਰ ਦੇ ਸਤਿਕਾਰਤ ਰੁਤਬੇ ਨੂੰ ਵੱਡੀ ਢਾਹ ਲਾਈ ਹੈ। ਬੇਸ਼ੱਕ ਸਿਆਸਤ ਨਾਲ ਗੱਠਜੋੜ ਦਾ ਹਿੱਸਾ ਬਣੇ ਬਿਨਾਂ ਜਥੇਦਾਰੀ ਕਾਇਮ ਰੱਖਣੀ ਆਸਾਨ ਨਹੀਂ ਰਿਹਾ, ਫਿਰ ਵੀ ਜਥੇਦਾਰ ਤੋਂ ਪੰਥਕ ਰਵਾਇਤਾਂ ਅਤੇ ਮਰਿਆਦਾਵਾਂ ਦੀ ਨਿਰਪੱਖ ਤਰਜਮਾਨੀ ਦੀ ਆਸ ਕੀਤੀ ਜਾਂਦੀ ਹੈ।

ਉਨ੍ਹਾਂ ਸਵਾਲ ਕੀਤਾ ਕਿ ਜੇਕਰ ਸਾਰੇ ਸਵਾਲਾਂ ਦੇ ਜਵਾਬ ਅਤੇ ਇਤਰਾਜ਼ਾਂ ਦਾ ਨਿਪਟਾਰਾ ਹੋਣ 'ਤੇ ਹੀ ਸਾਂਝੀ ਮੀਟਿੰਗ ਹੋਣੀ ਹੈ ਤਾਂ ਫਿਰ ਮਾਹਿਰ ਕਮੇਟੀ ਦਾ ਗਠਨ ਕਿਸ ਮਕਸਦ ਲਈ ਕੀਤਾ ਗਿਆ ਸੀ ? ਜਦੋਂ ਕਿ 30 ਜੁਲਾਈ 2026 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜ ਮੈਂਬਰੀ ਮਾਹਿਰ ਕਮੇਟੀ ਦਾ ਗਠਨ ਕਰਦਿਆਂ ਸੰਗਤ ਨੂੰ ਸਪੱਸ਼ਟ ਤੌਰ 'ਤੇ ਦੱਸਿਆ ਗਿਆ ਸੀ ਕਿ ਇਸ ਕਮੇਟੀ ਦਾ ਮਕਸਦ ਸੋਧ ਕਾਨੂੰਨ ਬਾਰੇ ਵਿਚਾਰ-ਵਟਾਂਦਰਾ ਕਰਨਾ ਅਤੇ ਸਰਕਾਰ ਨੂੰ ਇਸ ਕਮੇਟੀ ਨਾਲ ਰਾਬਤਾ ਕਾਇਮ ਕਰਕੇ ਕਾਨੂੰਨ ਬਾਰੇ ਸਹਿਮਤੀ ਬਣਾਉਣ ਲਈ ਕਿਹਾ ਗਿਆ ਸੀ। ਪਰ ਹੈਰਾਨੀ ਦੀ ਗੱਲ ਹੈ ਕਿ ਹੁਣ ਗੱਲਬਾਤ ਅੱਗੇ ਵਧਾਉਣ ਲਈ ਵੀ ਸ਼ਰਤਾਂ ਲਾਈਆਂ ਜਾ ਰਹੀਆਂ ਹਨ। ਕੀ ਇਹ ਆਪਣੇ ਪਹਿਲਾਂ ਦੇ ਸਟੈਂਡ ਤੋਂ ਪਿੱਛੇ ਹਟਣ ਦੇ ਬਰਾਬਰ ਨਹੀਂ ?

ਪ੍ਰੋ. ਖਿਆਲਾ ਨੇ ਮਾਹਿਰ ਕਮੇਟੀ ਦੇ ਕੋਆਰਡੀਨੇਟਰ ਵੱਲੋਂ 17 ਨਵੰਬਰ ਨੂੰ ਸਰਕਾਰ ਦੀ ਤਾਲਮੇਲ ਕਮੇਟੀ ਨੂੰ ਲਿਖੀ ਚਿੱਠੀ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਸ ਵਿੱਚ ਇਹ ਖ਼ਦਸ਼ਾ ਪ੍ਰਗਟਾਇਆ ਗਿਆ ਹੈ ਕਿ ਸੋਧ ਐਕਟ ਦੀਆਂ ਕੁਝ ਧਾਰਾਵਾਂ 'ਤੇ ਅਮਲ ਕਰਦਿਆਂ ਕੋਈ ਥਾਣੇਦਾਰ ਚੱਲ ਰਹੇ ਸ੍ਰੀ ਅਖੰਡ ਪਾਠ ਸਾਹਿਬ ਨੂੰ ਰੁਕਵਾ ਕੇ ਸ਼ਰਧਾਲੂ ਪਰਿਵਾਰ ਨੂੰ ਇਹ ਕਹਿ ਸਕਦਾ ਹੈ ਕਿ ਉਹ ਸ਼ਬਦ-ਗੁਰੂ ਦੇ ਪਾਵਨ ਸਰੂਪ ਦਾ ਸੀਰੀਅਲ ਨੰਬਰ ਦੇਖਣ ਆਇਆ ਹੈ। ਇਹ ਖ਼ਦਸ਼ਾ ਬੇਹੱਦ ਅਤਿਕਥਨੀਪੂਰਨ ਅਤੇ ਤਰਕਹੀਣ ਹੈ। ਕੀ ਕੋਈ ਵੀ ਥਾਣੇਦਾਰ ਇੰਨਾ ਅਣਜਾਣ ਅਤੇ ਗੈਰ-ਜ਼ਿੰਮੇਵਾਰ ਹੋ ਸਕਦਾ ਹੈ ਕਿ ਉਹ ਆਮ ਧਾਰਮਿਕ ਮਰਿਆਦਾ ਦੇ ਬਿਲਕੁਲ ਉਲਟ ਜਾ ਕੇ ਅਜਿਹੀ ਹਰਕਤ ਕਰੇਗਾ ? ਜੇਕਰ ਐਕਟ ਦੀ ਕਿਸੇ ਧਾਰਾ ਬਾਰੇ ਅਜਿਹਾ ਖ਼ਦਸ਼ਾ ਹੈ ਤਾਂ ਉਸ ਨੂੰ ਗੱਲਬਾਤ ਦੀ ਮੇਜ਼ 'ਤੇ ਰੱਖ ਕੇ ਸਪੱਸ਼ਟ ਕੀਤਾ ਜਾ ਸਕਦਾ ਹੈ। ਇਸ ਲਈ ਗੱਲਬਾਤ ਤੋਂ ਪਾਸਾ ਵੱਟਣ ਦੀ ਬਜਾਏ ਅਜਿਹੇ ਇਤਰਾਜ਼ਾਂ ਦਾ ਤਰਕਸੰਗਤ ਹੱਲ ਲੱਭਣਾ ਚਾਹੀਦਾ ਹੈ।

29 ਜੂਨ ਨੂੰ ਆਪ ਵਿਧਾਇਕਾਂ ਅਤੇ ਮੰਤਰੀਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ੀ ਦੌਰਾਨ ਐਕਟ ਵਿੱਚ ਸੋਧ ਲਈ ਸਹਿਮਤੀ ਦੇਣ ਦੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਇਹ ਵਿਧਾਇਕ ਅਤੇ ਮੰਤਰੀ ਪਹਿਲਾਂ ਹੀ ਇਸ ਐਕਟ ਦੀਆਂ ਧਾਰਾਵਾਂ ਬਾਰੇ ਆਪਣੀ ਅਣਜਾਣਤਾ ਜ਼ਾਹਿਰ ਕਰ ਚੁੱਕੇ ਹਨ। ਇਸੇ ਕਾਰਨ ਇਸ ਮਾਮਲੇ 'ਤੇ ਵਿਚਾਰ ਕਰਨ ਲਈ ਦੋ ਵੱਖ-ਵੱਖ ਕਮੇਟੀਆਂ ਬਣਾਉਣ ਦੀ ਲੋੜ ਪਈ।

ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਤੋਂ ਨਿਰਪੱਖਤਾ ਦੀ ਉਮੀਦ ਕੀਤੀ ਜਾਂਦੀ ਹੈ। ਪਰ ਕੀ ਇਸ ਮਾਮਲੇ ਨੂੰ ਹੋਰ ਲਟਕਾ ਕੇ ਕਿਸੇ ਇੱਕ ਧਿਰ ਨੂੰ ਸਿਆਸੀ ਲਾਭ ਪਹੁੰਚਾਉਣ ਦੀ ਕੋਸ਼ਿਸ਼ ਤਾਂ ਨਹੀਂ ਹੋ ਰਹੀ ? ਇਸ ਸਮੇਂ ਗਠਿਤ ਦੋਵੇਂ ਕਮੇਟੀਆਂ ਵਿੱਚ ਪੰਥਕ ਆਗੂਆਂ ਦੇ ਨਾਲ-ਨਾਲ ਤਜਰਬੇਕਾਰ ਕਾਨੂੰਨੀ ਮਾਹਿਰ ਵੀ ਸ਼ਾਮਲ ਹਨ, ਜੋ ਇਸ ਮਾਮਲੇ ਦਾ ਸਥਾਈ ਅਤੇ ਢੁੱਕਵਾਂ ਹੱਲ ਕੱਢਣ ਦੇ ਸਮਰੱਥ ਹਨ।

ਉਨ੍ਹਾਂ ਕਿਹਾ ਕਿ ਗੁਰੂ ਕੀ ਸੰਗਤ ਨੂੰ ਹੁਣ ਇਹ ਸਪੱਸ਼ਟ ਹੁੰਦਾ ਜਾ ਰਿਹਾ ਹੈ ਕਿ ਕਿਹੜੀ ਧਿਰ ਇਸ ਮਾਮਲੇ 'ਤੇ ਵਿਚਾਰ-ਵਟਾਂਦਰੇ ਲਈ ਅੱਗੇ ਆ ਰਹੀ ਹੈ ਅਤੇ ਕਿਹੜੀ ਧਿਰ ਬਹਾਨੇਬਾਜ਼ੀ ਕਰਕੇ ਵਿਚਾਰ-ਚਰਚਾ ਤੋਂ ਬਚਣ ਦੀ ਕੋਸ਼ਿਸ਼ ਕਰ ਰਹੀ ਹੈ। ਪੰਥਕ ਹਿੱਤਾਂ ਦੀ ਮੰਗ ਹੈ ਕਿ ਇਸ ਮਾਮਲੇ ਨੂੰ ਸਿਆਸੀ ਖਿੱਚੋਤਾਣ ਦਾ ਵਿਸ਼ਾ ਬਣਾਉਣ ਦੀ ਬਜਾਏ ਗੰਭੀਰਤਾ ਨਾਲ ਹੱਲ ਕੀਤਾ ਜਾਵੇ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰਵਉੱਚ ਸਤਿਕਾਰ ਅਤੇ ਪੰਥ ਦੀਆਂ ਭਾਵਨਾਵਾਂ ਤੋਂ ਉੱਪਰ ਕੋਈ ਸਿਆਸੀ ਹਿੱਤ ਨਹੀਂ ਹੋ ਸਕਦਾ। ••



Vehicle360

Professional Car Repairs & Servicing
West Bromwich

CAR SERVICES – ALL MAKES & MODELS

FREE VEHICLE HEALTH CHECK

- Full & Interim Servicing
- Diagnostics & Fault Finding
- Clutches & Gearboxes
- Timing Chains & Cambelts
- DPF & Engine Repairs
- Brakes, Suspension & Exhausts

- Experienced mechanics
- (7–10 years)
- Honest advice & fair pricing
- Quality / OEM parts used

CALL NOW: 0121 269 9586

12 Ridgacre Rd, West Bromwich, B71 1DB

Your local trusted garage

ਦਿੱਲੀ 'ਚ ਮੁੜ ਬੇਅਦਬੀ ਦੀ ਕੋਸ਼ਿਸ਼, ਸਾਹਿਬਪੁਰਾ ਮਾਮਲੇ ਦੀ

ਸੀਬੀਆਈ ਜਾਂਚ ਤੇ ਐੱਸਆਈਟੀ ਗਠਿਤ ਕਰਨ ਦੀ ਮੰਗ: ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ, 19 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਦਿੱਲੀ ਦੇ ਤਿਲਕ ਨਗਰ ਸਥਿਤ ਸਾਹਿਬਪੁਰਾ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜ ਕੇ ਕੀਤੀ ਗਈ ਬੇਅਦਬੀ ਦੀ ਘਟਨਾ ਤੋਂ ਬਾਅਦ ਅੱਜ ਹਰੀ ਨਗਰ ਇਲਾਕੇ ਵਿੱਚ ਮੁੜ ਬੇਅਦਬੀ ਦੀ ਕੋਸ਼ਿਸ਼ ਦੀ ਖ਼ਬਰ ਸਾਹਮਣੇ ਆਉਣ ਨਾਲ ਸਿੱਖ ਸੰਗਤ ਵਿੱਚ ਗੰਭੀਰ ਚਿੰਤਾ ਪੈਦਾ ਹੋ ਗਈ ਹੈ। ਸਿੱਖ ਆਗੂ ਸਰਦਾਰ ਪਰਮਜੀਤ ਸਿੰਘ ਵੀਰਜੀ ਮੁੱਖੀ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਅਤੇ ਮੁੱਖ ਬੁਲਾਰਾ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਨੇ ਸਾਹਿਬਪੁਰਾ ਦੀ ਘਟਨਾ ਨੂੰ ਗੰਭੀਰਤਾ ਨਾਲ ਲੈਂਦਿਆਂ ਮਾਮਲੇ ਦੀ ਸੀਬੀਆਈ ਜਾਂਚ, ਵਿਸ਼ੇਸ਼ ਜਾਂਚ ਟੀਮ (ਐੱਸਆਈਟੀ) ਗਠਿਤ ਕਰਨ, ਸਾਜ਼ਿਸ਼ ਦੇ ਮਾਸਟਰਮਾਈਂਡ ਨੂੰ ਬੇਨਕਾਬ ਕਰਨ ਅਤੇ ਸਾਰੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਇਸ ਸਬੰਧੀ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਨੂੰ ਵਿਸਥਾਰਪੂਰਵਕ ਪੱਤਰ ਦੇ ਕੇ ਤੁਰੰਤ ਦਖ਼ਲ ਦੇਣ ਦੀ ਅਪੀਲ ਕੀਤੀ ਹੈ ਅਤੇ ਪੱਤਰ ਦੀਆਂ ਕਾਪੀਆਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ, ਦਿੱਲੀ ਸਰਕਾਰ ਦੇ ਗ੍ਰਹਿ ਮੰਤਰੀ ਆਸ਼ੀਸ਼ ਸੂਦ, ਦਿੱਲੀ ਪੁਲਿਸ ਕਮਿਸ਼ਨਰ ਅਤੇ ਪੱਛਮੀ ਜ਼ਿਲ੍ਹੇ ਦੇ ਡੀਸੀਪੀ ਨੂੰ ਵੀ ਭੇਜੀਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਦੇ ਜੀਵਤ ਅਤੇ ਸਦੀਵੀ ਗੁਰੂ ਹਨ, ਇਸ ਲਈ ਗੁਰੂ ਸਾਹਿਬ ਦੇ ਸਰੂਪ ਨਾਲ ਜਾਣਬੁੱਝ ਕੇ ਕੀਤੀ ਛੇੜਛਾੜ ਸਮੁੱਚੀ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ 'ਤੇ ਗੰਭੀਰ ਹਮਲਾ ਹੈ। ਪੰਜਾਬ ਵਿੱਚ ਪਹਿਲਾਂ ਵੀ ਬੇਅਦਬੀ ਦੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ ਅਤੇ ਹੁਣ ਦਿੱਲੀ ਵਿੱਚ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਦੀ ਗ੍ਰਿਫ਼ਤਾਰੀ ਤੋਂ ਬਾਅਦ ਵੀ ਜਾਂਚ ਨੂੰ ਸਿਰਫ਼ ਇੱਕ ਵਿਅਕਤੀ ਤੱਕ ਸੀਮਤ ਨਹੀਂ ਰੱਖਿਆ ਜਾਣਾ ਚਾਹੀਦਾ, ਸਗੋਂ ਇਹ ਪਤਾ ਲਗਾਇਆ ਜਾਵੇ ਕਿ ਘਟਨਾ ਪਿੱਛੇ ਕੋਈ ਵੱਡੀ ਸਾਜ਼ਿਸ਼, ਹੋਰ ਵਿਅਕਤੀਆਂ ਦੀ ਸ਼ਮੂਲੀਅਤ ਜਾਂ ਕਿਸੇ ਦੇ ਇਸ਼ਾਰੇ 'ਤੇ ਕੀਤਾ ਗਿਆ ਅਪਰਾਧ ਤਾਂ ਨਹੀਂ। ਉਨ੍ਹਾਂ ਮੰਗ ਕੀਤੀ ਕਿ ਮੁਲਜ਼ਮ ਵਿਰੁੱਧ ਭਾਰਤੀ ਨਿਆਏ ਸੰਹਿਤਾ ਦੀਆਂ ਲਾਗੂ ਸਖ਼ਤ ਧਾਰਾਵਾਂ ਤਹਿਤ ਕਾਰਵਾਈ ਕਰਦਿਆਂ ਸਾਜ਼ਿਸ਼, ਉਕਸਾਉਣ ਜਾਂ ਸਹਾਇਤਾ ਕਰਨ ਵਾਲੇ ਹਰ ਵਿਅਕਤੀ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ। ਮੁਲਜ਼ਮ ਦੇ ਮਾਨਸਿਕ ਤੌਰ 'ਤੇ ਬਿਮਾਰ ਹੋਣ ਸਬੰਧੀ ਕਿਸੇ ਵੀ ਦਾਅਵੇ ਦੀ ਯੋਗ ਡਾਕਟਰੀ ਜਾਂਚ ਕਰਵਾਈ ਜਾਵੇ ਅਤੇ ਬਿਨਾਂ ਤਸਦੀਕ ਅਜਿਹੇ ਦਾਅਵੇ ਨੂੰ ਜਾਂਚ ਤੋਂ ਬਚਣ ਦਾ ਆਧਾਰ ਨਾ ਬਣਨ ਦਿੱਤਾ ਜਾਵੇ। ਸਰਦਾਰ ਪਰਮਜੀਤ ਸਿੰਘ ਵੀਰ ਜੀ ਨੇ ਮਾਮਲੇ ਦੀ ਧਾਰਮਿਕ ਸੰਵੇਦਨਸ਼ੀਲਤਾ ਅਤੇ ਵਿਆਪਕ ਪ੍ਰਭਾਵਾਂ ਨੂੰ ਦੇਖਦਿਆਂ ਸੀਬੀਆਈ ਜਾਂਚ ਅਤੇ ਸਮਾਂਬੱਧ ਐੱਸਆਈਟੀ ਜਾਂਚ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਮੁਲਜ਼ਮ ਦੇ ਮੋਬਾਈਲ ਫੋਨ, ਕਾਲ ਰਿਕਾਰਡ, ਡਿਜੀਟਲ ਸੰਚਾਰ, ਸੀਸੀਟੀਵੀ ਫੁਟੇਜ, ਵਿੱਤੀ ਲੈਣ-ਦੇਣ ਅਤੇ ਹੋਰ ਸਬੂਤਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ ਤਾਂ ਜੋ ਇਹ ਸਪੱਸ਼ਟ ਹੋ ਸਕੇ ਕਿ ਉਸ ਨੇ ਇਹ ਕਾਰਵਾਈ ਇਕੱਲੇ ਕੀਤੀ ਜਾਂ ਕਿਸੇ ਵਿਅਕਤੀ, ਗੁੱਟ ਜਾਂ ਸੰਸਥਾ ਦੇ ਪ੍ਰਭਾਵ ਜਾਂ ਸਹਿਯੋਗ ਨਾਲ। ਪੰਜਾਬ ਵਿੱਚ ਆਉਣ ਵਾਲੀਆਂ ਚੋਣਾਂ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਚੋਣ ਸਰਗਰਮੀਆਂ ਸਮੇਤ ਮੌਜੂਦਾ ਸਿਆਸੀ ਹਾਲਾਤਾਂ ਨੂੰ ਦੇਖਦਿਆਂ ਹਰ ਸੰਭਾਵਿਤ ਸਿਆਸੀ, ਨਿੱਜੀ ਜਾਂ ਸੰਗਠਿਤ ਮਕਸਦ ਦੀ ਨਿਰਪੱਖਤਾ ਨਾਲ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਬਿਨਾਂ ਸਬੂਤ ਕਿਸੇ 'ਤੇ ਦੋਸ਼ ਲਗਾਉਣਾ ਉਨ੍ਹਾਂ ਦਾ ਮਕਸਦ ਨਹੀਂ, ਪਰ ਕਿਸੇ ਵੀ ਸੰਭਾਵਿਤ ਮਾਸਟਰਮਾਈਂਡ ਜਾਂ ਪ੍ਰਭਾਵਸ਼ਾਲੀ ਵਿਅਕਤੀ ਨੂੰ ਜਾਂਚ ਤੋਂ ਬਾਹਰ ਨਾ ਰੱਖਿਆ ਜਾਵੇ। ਉਨ੍ਹਾਂ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਤੋਂ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨੂੰ ਨਿਰਪੱਖ, ਬਿਨਾਂ ਦਬਾਅ ਅਤੇ ਸਮਾਂਬੱਧ ਜਾਂਚ ਯਕੀਨੀ ਬਣਾਉਣ ਲਈ ਸਿਫ਼ਾਰਸ਼ਾਂ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਮੁਲਜ਼ਮ ਦੀ ਗ੍ਰਿਫ਼ਤਾਰੀ ਜਾਂਚ ਦਾ ਅੰਤ ਨਹੀਂ, ਸਗੋਂ ਸ਼ੁਰੂਆਤ ਹੋਣੀ ਚਾਹੀਦੀ ਹੈ ਅਤੇ ਬੇਅਦਬੀ ਕਰਨ ਵਾਲਿਆਂ ਸਮੇਤ ਜੇਕਰ ਇਸ ਪਿੱਛੇ ਕੋਈ ਵੱਡੀ ਸਾਜ਼ਿਸ਼ ਹੈ ਤਾਂ ਉਸ ਦੇ ਸਾਰੇ ਸਾਜ਼ਿਸ਼ਕਾਰਾਂ ਨੂੰ ਬੇਨਕਾਬ ਕਰਕੇ ਸਖ਼ਤ ਸਜ਼ਾ ਦਿਵਾਈ ਜਾਵੇ। ਸਿੱਖ ਸੰਗਤ ਨੂੰ ਇਨਸਾਫ਼ ਮਿਲਣਾ ਅਤੇ ਹਰ ਜ਼ਿੰਮੇਵਾਰ ਵਿਅਕਤੀ ਦੀ ਜਵਾਬਦੇਹੀ ਤੈਅ ਹੋਣਾ ਲਾਜ਼ਮੀ ਹੈ।

ਗ੍ਰਹਿ ਮੰਤਰੀ ਅਮਿਤ ਸ਼ਾਹ, ਉਪ ਰਾਜਪਾਲ ਤਰਨਜੀਤ ਸਿੰਘ ਸੰਧੂ, ਐਮਪੀ ਆਸ਼ੀਸ਼ ਸੂਦ, ਪੁਲਿਸ ਕਮਿਸ਼ਨਰ ਅਤੇ ਡੀਸੀਪੀ ਪੱਛਮੀ ਜ਼ਿਲ੍ਹੇ ਨੂੰ ਸਖ਼ਤ ਕਾਰਵਾਈ ਲਈ ਭੇਜਿਆ ਪੱਤਰ

ਆਵਾਜ਼ਿ ਕੌਮ AWAZE QAUM International Newspaper & WEB TV

ਬਾਬਾ ਸੁਖਵੰਤ ਸਿੰਘ ਚੰਨਣਕੇ ਨੂੰ ਸਨਮਾਨਿਤ ਕਰਦੇ ਹੋਏ ਸੰਤ ਬਾਬਾ ਹਰਦੀਪ ਸਿੰਘ ਖਾਲਸਾ ਚੰਨਣਕੇ



ਚੌਕ ਮਹਿਤਾ,19 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸੰਤ ਬਾਬਾ ਹਰਦੀਪ ਸਿੰਘ ਚੰਨਣਕੇ ਵਾਲਿਆਂ ਨੇ ਆਪਣੇ ਸਪੁੱਤਰ ਦੇ ਵਿਆਹ ਆਨੰਦ ਕਾਰਜ ਦੀ ਖੁਸ਼ੀ ਵਿੱਚ ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਨੂੰ ਕੀਤਾ ਸਨਮਾਨਤ। ਅੱਜ ਉਨ੍ਹਾਂ ਨੇ ਸਭ ਤੋਂ ਪਹਿਲਾਂ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਉਟ ਆਸਰਾ ਲੈਕੇ ਪਵਿੱਤਰ ਪਾਵਨ ਗੁਰਬਾਣੀ ਸੁਖਮਨੀ ਸਾਹਿਬ ਜੀ ਦੇ ਜਾਪੁ ਕਰਵਾਇਆ ਗਿਆ। ਉਪਰੰਤ ਰਾਗੀ ਸਿੰਘਾਂ ਨੇ ਸੰਗਤਾਂ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸਰਵਨ ਕਰਵਾਇਆ ਗਿਆ ਇਸ ਮੌਕੇ ਤੇ ਸੰਤ ਬਾਬਾ ਹਰਦੀਪ ਸਿੰਘ ਚੰਨਣਕੇ ਵਾਲੇ, ਰਾਗੀ ਭਾਈ ਕਨਵਰ ਸਿੰਘ ਭਾਈ ਨਿਸ਼ਾਨ ਸਿੰਘ ਕਨੇਡਾ, ਭਾਈ ਕਰਨਜੀਤ ਸਿੰਘ ਖਾਲਸਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਦਸ਼ਮੇਸ਼ ਵਿਦਿਅਕ ਸੰਸਥਾਵਾਂ ਵਿੱਚ ਕਰਵਾਇਆ ਗਿਆ ਕੈਰੀਅਰ ਗਾਈਡੈਂਸ ਸੈਮੀਨਾਰ



ਚੌਕ ਮਹਿਤਾ, 19 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਇਲਾਕੇ ਦੀਆਂ ਮੰਨੀਆਂ-ਪ੍ਰਮੰਨੀਆਂ ਵਿਦਿਅਕ ਸੰਸਥਾਵਾਂ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਅਤੇ ਕੈਰੀਅਰ ਸੇਧ ਲਈ ਵਿਸ਼ੇਸ਼ ਕੈਰੀਅਰ ਗਾਈਡੈਂਸ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਜ਼ਿਲ੍ਹਾ ਮਾਰਗਦਰਸ਼ਨ ਕਾਉਂਸਲਰ ਅੰਮ੍ਰਿਤਸਰ ਸ੍ਰੀ ਸੁਖਪਾਲ ਸਿੰਘ ਜੀ ਦੀ ਅਗਵਾਈ ਹੇਠ ਲਗਾਇਆ ਗਿਆ। ਇਸ ਮੌਕੇ ਸ੍ਰੀਮਤੀ ਭਾਰਤੀ ਸ਼ਰਮਾ ਜੀ (ਕੈਰੀਅਰ ਕਾਉਂਸਲਰ ਡੀ.ਬੀ.ਈ.ਈ.ਅੰਮ੍ਰਿਤਸਰ), ਸ੍ਰੀ ਖੁਸ਼ਪਾਲ ਸਿੰਘ ਜੀ (ਸਾਬਕਾ ਡਾਇਰੈਕਟਰ ਆਰ.ਐਸ.ਈ.ਟੀ.ਆਈ. ਪੰਜਾਬ ਨੈਸ਼ਨਲ ਬੈਂਕ) ਅਤੇ ਸ੍ਰੀ ਸੰਦੀਪ ਸਿੰਘ ਜੀ (ਬ੍ਰਿਟਿਸ਼ ਕਾਉਂਸਲਰ ਐਗਜ਼ਾਮੀਨਰ ਵੈਬਰਸ) ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ।ਸੈਮੀਨਾਰ ਦੌਰਾਨ ਬੁਲਾਰਿਆਂ ਨੇ ਵਿਦਿਆਰਥੀਆਂ ਨੂੰ ਦਸਵੀਂ ਅਤੇ ਬਾਰ੍ਹਵੀਂ ਜਮਾਤ ਤੋਂ ਬਾਅਦ ਆਪਣੇ ਕਰੀਅਰ ਦੀ ਸਹੀ ਚੋਣ ਕਰਨ ਦੇ ਵੱਖ-ਵੱਖ ਪਹਿਲੂਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਦਸਵੀਂ ਤੋਂ ਬਾਅਦ ਕਿਹੜੀ-ਕਿਹੜੀ ਸਿਖਲਾਈ ਅਤੇ ਕਿੱਤਾਮੁਖੀ ਕੋਰਸ ਕਰਕੇ ਜ਼ਿੰਦਗੀ ਵਿੱਚ ਸਫ਼ਲਤਾ ਹਾਸਲ ਕੀਤੀ ਜਾ ਸਕਦੀ ਹੈ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਫ਼ੌਜ (ਆਰਮੀਜ਼), ਸਵੈ-ਰੁਜ਼ਗਾਰ (ਸੈਲਫ਼ ਬਿਜ਼ਨਸ) ਅਤੇ ਹੋਰ ਵੱਖ-ਵੱਖ ਕਿੱਤਿਆਂ ਬਾਰੇ ਵੀ ਮਹੱਤਵਪੂਰਨ ਮਾਰਗਦਰਸ਼ਨ ਦਿੱਤਾ ਗਿਆ ਸਮਾਗਮ ਦੇ ਅਖ਼ੀਰ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਮੈ.ਗੁਰਬੀਰ ਕੌਰ, ਮੈ.ਹਰਪ੍ਰੀਤ ਕੌਰ, ਮੈ. ਰਵਨੀਤ ਕੌਰ, ਮੈ.ਰਵਿੰਦਰ ਕੌਰ ਸਮੇਤ ਸਮੂਹ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਰ੍ਹੋਂ ਦੀਆਂ ਬਿਮਾਰੀਆਂ ਸਬੰਧੀ ਪਿੰਡ ਲੱਧੂ ਵਿਖੇ ਲਗਾਇਆ ਸਿਖਲਾਈ ਕੈਂਪ

ਭਿੱਖੀਵਿੰਡ : ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ, ਤਰਨ ਤਾਰਨ ਵਲੋਂ ਹਲਕਾ ਖੇਮਕਰਨ ਦੇ ਪਿੰਡ ਭਾਈ ਲੱਧੂ ਵਿਖੇ ਸਰ੍ਹੋਂ ਦੀਆਂ ਬਿਮਾਰੀਆਂ ਸਬੰਧੀ ਸਿਖਲਾਈ ਕੈਂਪ ਲਗਾਇਆ ਗਿਆ। ਇਸ ਦੌਰਾਨ ਡਾ. ਪਰਮਿੰਦਰ ਕੌਰ ਸਹਿਜਪਾਲ, ਪ੍ਰਮੁੱਖ ਪਸਾਰ ਵਿਗਿਆਨੀ (ਪੌਦਾ ਰੋਗ) ਨੇ ਜ਼ਿਲ੍ਹੇ ਵਿੱਚ ਤੇਲ ਬੀਜ ਫ਼ਸਲਾਂ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਸਰ੍ਹੋਂ ਦੀ ਫ਼ਸਲ ਦੇ ਮੁੱਖ ਕੀੜੇ-ਮਕੌੜੇ ਅਤੇ ਬਿਮਾਰੀਆਂ ਦੇ ਲੱਛਣ, ਉਨ੍ਹਾਂ ਦੀ ਪਛਾਣ ਅਤੇ ਰੋਕਥਾਮ ਦੇ ਢੰਗਾਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਨੇ ਫ਼ਸਲਾਂ ਵਿੱਚ ਬਿਮਾਰੀਆਂ ਦੀ ਸ਼ੁਰੂਆਤੀ ਪਛਾਣ ਅਤੇ ਸਮੇਂ ਸਿਰ ਰੋਕਥਾਮ ਦੇ ਤਰੀਕੇ ਅਪਨਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਤੋਂ ਇਲਾਵਾ ਕਣਕ ਅਤੇ ਬਰਸੀਮ ਵਿੱਚ ਆਉਣ ਵਾਲੇ ਮੁੱਖ ਕੀੜੇ-ਮਕੌੜਿਆ ਅਤੇ ਬਿਮਾਰੀਆਂ ਬਾਰੇ ਵੀ ਕਿਸਾਨਾਂ ਨੂੰ ਜਾਣਕਾਰੀ ਦਿੱਤੀ। ਕਿਸਾਨਾਂ ਦੇ ਹਾੜ੍ਹੀ ਦੀਆਂ ਫ਼ਸਲਾਂ ਸਬੰਧੀ ਸਵਾਲਾਂ ਦੇ ਜਵਾਬ ਦਿੱਤੇ ਗਏ ਅਤੇ ਉਨ੍ਹਾਂ ਨੂੰ ਖੇਤੀਬਾੜੀ ਸਬੰਧੀ ਤਕਨੀਕੀ ਜਾਣਕਾਰੀ ਅਤੇ ਸਲਾਹ ਲਈ ਪੀ. ਏ. ਯੂ ਦੇ ਮਾਹਿਰਾਂ ਨਾਲ ਸੰਪਰਕ ਵਿਚ ਰਹਿਣ ਲਈ ਪ੍ਰੇਰਿਤ ਕੀਤਾ।

ਹਾਈ ਕੋਰਟ ਨੇ ਮਾਨ ਸਰਕਾਰ ਦੇ

'ਕੱਟੜ ਇਮਾਨਦਾਰ' ਭਰਤੀ ਮਾਡਲ ਦੀ ਪੋਲ ਖੋਲ੍ਹੀ: ਪ੍ਰੋ. ਸਰਚਾਂਦ ਸਿੰਘ ਖਿਆਲਾ



ਅੰਮ੍ਰਿਤਸਰ, 19 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਪੰਜਾਬ PCS ਅਤੇ ਅਲਾਇਡ ਸਰਵਿਸਿਜ਼ ਦੀ ਭਰਤੀ ਪ੍ਰਕਿਰਿਆ 'ਤੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਲਗਾਈ ਗਈ ਰੋਕ ਨੇ ਭਗਵੰਤ ਮਾਨ ਸਰਕਾਰ ਦੀ ਭਰਤੀ ਪ੍ਰਣਾਲੀ ਦੀ ਭਰੋਸੇਯੋਗਤਾ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ 'ਕੱਟੜ ਇਮਾਨਦਾਰ' ਦੱਸਣ ਵਾਲੀ ਸਰਕਾਰ ਨੂੰ ਸੂਬੇ ਦੀ ਸਭ ਤੋਂ ਵੱਕਾਰੀ ਪ੍ਰਤੀਯੋਗੀ ਪ੍ਰੀਖਿਆ ਵਿੱਚ ਬੇਨਿਯਮੀਆਂ ਦੇ ਗੰਭੀਰ ਦੋਸ਼ਾਂ ਬਾਰੇ ਪੰਜਾਬ ਦੇ ਨੌਜਵਾਨਾਂ ਨੂੰ ਜਵਾਬ ਦੇਣਾ ਪਵੇਗਾ।

ਉਨ੍ਹਾਂ ਕਿਹਾ ਕਿ ਮੁੱਖ ਪ੍ਰੀਖਿਆ ਵਿੱਚ 751 ਉਮੀਦਵਾਰਾਂ ਦੀ ਸ਼ਾਰਟਲਿਸਟਿੰਗ, ਲਗਾਤਾਰ ਰੋਲ ਨੰਬਰਾਂ ਦੇ ਸਮੂਹ, ਇਸ਼ਿਤਹਾਰ ਤੋਂ ਬਾਅਦ ਪੰਜਾਬੀ ਦੀ ਲਾਜ਼ਮੀ ਯੋਗਤਾ ਵਿੱਚ ਤਬਦੀਲੀ, ਕਈ ਅਰਜ਼ੀਆਂ ਤੇ ਰੋਲ ਨੰਬਰ, ਉਮਰ ਹੱਦਾਂ, ਰਾਖਵੇਂ ਵਰਗਾਂ ਦੀ ਯੋਗਤਾ, ਪ੍ਰਸ਼ਨ-ਪੱਤਰਾਂ ਦੀ ਸੁਰੱਖਿਆ ਅਤੇ ਉੱਤਰ-ਪੱਤਰੀਆਂ ਦੇ ਮੁਲਾਂਕਣ ਸਬੰਧੀ ਉੱਠੇ ਸਵਾਲ ਬੇਹੱਦ ਗੰਭੀਰ ਹਨ। ਇੰਟਰਵਿਊ ਪ੍ਰਕਿਰਿਆ 'ਤੇ ਰੋਕ ਲੱਗਣਾ ਇਸ ਵਿਵਾਦ ਦੀ ਗੰਭੀਰਤਾ ਨੂੰ ਹੋਰ ਉਜਾਗਰ ਕਰਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸੱਤਾਧਾਰੀ ਧਿਰ ਦੇ ਆਗੂਆਂ ਅਤੇ ਪ੍ਰਭਾਵਸ਼ਾਲੀ ਵਿਅਕਤੀਆਂ ਦੇ ਪਰਿਵਾਰਕ ਮੈਂਬਰਾਂ ਦੀ ਚੋਣ ਬਾਰੇ ਉੱਠੇ ਸਵਾਲਾਂ, ਜਿਨ੍ਹਾਂ ਵਿੱਚ ਕੈਬਨਿਟ ਮੰਤਰੀ ਦੇ ਪੁੱਤਰ, ਵਿਧਾਇਕਾਂ, ਕੌਂਸਲਰਾਂ ਅਤੇ ਪਾਰਟੀ ਆਗੂਆਂ ਦੇ ਪਰਿਵਾਰਕ ਮੈਂਬਰਾਂ ਦੇ ਨਾਂ ਸ਼ਾਮਲ ਹਨ, ਬਾਰੇ ਸਰਕਾਰ ਨੂੰ ਤੱਥਾਂ ਸਮੇਤ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ। ਜੇਕਰ ਚੋਣ ਨਿਰੋਲ ਯੋਗਤਾ ਦੇ ਆਧਾਰ 'ਤੇ ਹੋਈ ਹੈ ਤਾਂ ਸਰਕਾਰ ਨੂੰ ਸੁਤੰਤਰ ਜਾਂਚ ਤੋਂ ਪਿੱਛੇ ਨਹੀਂ ਹਟਣਾ ਚਾਹੀਦਾ।

ਉਨ੍ਹਾਂ ਕਿਹਾ ਕਿ ਹਜ਼ਾਰਾਂ ਨੌਜਵਾਨ ਸਾਲਾਂ ਦੀ ਸਖ਼ਤ ਮਿਹਨਤ, ਵੱਡੇ ਆਰਥਿਕ ਖਰਚੇ ਅਤੇ ਪਰਿਵਾਰ ਦੀਆਂ ਉਮੀਦਾਂ ਲੈ ਕੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਬੈਠਦੇ ਹਨ। ਉਨ੍ਹਾਂ ਦਾ ਭਵਿੱਖ ਸਿਆਸੀ ਪਹੁੰਚ, ਪੱਖਪਾਤ ਜਾਂ ਕਥਿਤ ਮਿਲੀਭੁਗਤ ਦੀ ਭੇਟ ਨਹੀਂ ਚੜ੍ਹਨ ਦਿੱਤਾ ਜਾ ਸਕਦਾ। ਸਰਕਾਰੀ ਨੌਕਰੀਆਂ ਯੋਗ ਨੌਜਵਾਨਾਂ ਦਾ ਹੱਕ ਹਨ, ਸਿਆਸੀ ਚਹੇਤਿਆਂ ਦਾ ਵਿਸ਼ੇਸ਼ ਅਧਿਕਾਰ ਨਹੀਂ।

ਪ੍ਰੋ. ਖਿਆਲਾ ਨੇ ਮੰਗ ਕੀਤੀ ਕਿ ਭਰਤੀ ਨਾਲ ਸਬੰਧਤ ਸਮੁੱਚਾ ਰਿਕਾਰਡ, ਉੱਤਰ-ਪੱਤਰੀਆਂ, ਡਿਜੀਟਲ ਡਾਟਾ ਅਤੇ ਪ੍ਰੀਖਿ

“ਵਪਾਰ ਨਹੀਂ, ਜਵਾਬਦੇਹੀ ਚਾਹੀਦੀ”, ਸ਼ਹੀਦ ਭਾਈ ਨਿੱਝਰ ਦੇ ਕਤਲ ਮਾਮਲੇ ’ਚ ਇਨਸਾਫ਼ ਦੀ ਮੰਗ ਨੂੰ ਲੈ ਕੇ

ਭਾਰਤੀ ਕੌਂਸਲੇਟ ਵੈਨਕੂਵਰ ਦੇ ਬਾਹਰ ਕੈਨੇਡੀਅਨ ਸਿੱਖਾਂ ਵਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ







ਨਵੀਂ ਦਿੱਲੀ, 19 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਸ਼ਹੀਦ ਜਥੇਦਾਰ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਮਾਮਲੇ ਵਿੱਚ ਇਨਸਾਫ਼ ਅਤੇ ਜਵਾਬਦੇਹੀ ਦੀ ਮੰਗ ਨੂੰ ਲੈ ਕੇ ਭਾਰਤੀ ਕੌਂਸਲੇਟ ਜਨਰਲ ਵੈਨਕੂਵਰ ਦੇ ਬਾਹਰ ਮਹੀਨਾਵਾਰ ਖਾਲਿਸਤਾਨ ਰੈਲੀ ਦੌਰਾਨ ਸਿੱਖਾਂ ਨੇ ਭਾਰਤ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਵੱਡੀ ਗਿਣਤੀ ਵਿੱਚ ਸ਼ਾਮਲ ਹੋਏ ਪ੍ਰਦਰਸ਼ਨਕਾਰੀਆਂ ਨੇ ਸਪੱਸ਼ਟ ਕੀਤਾ ਕਿ ਸ਼ਹੀਦ ਨਿੱਝਰ ਦੇ ਕਤਲ ਮਾਮਲੇ ਨੂੰ ਵਪਾਰਕ ਅਤੇ ਕੂਟਨੀਤਕ ਹਿੱਤਾਂ ਦੀ ਆੜ ਵਿੱਚ ਦਬਾਇਆ ਨਹੀਂ ਜਾ ਸਕਦਾ। ਰੈਲੀ ਦੌਰਾਨ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਲਈ ਇਨਸਾਫ਼ ਦੀ ਮੰਗ ਕਰਦਿਆਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ਅਤੇ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਘੜੀਸ ਕੇ ਭਾਰਤ ਸਰਕਾਰ ਦੀਆਂ ਨੀਤੀਆਂ ਅਤੇ ਕੈਨੇਡਾ ਦੀ ਧਰਤੀ ’ਤੇ ਇੱਕ ਸਿੱਖ ਨਾਗਰਿਕ ਦੇ ਕਤਲ ਨਾਲ ਜੁੜੇ ਗੰਭੀਰ ਦੋਸ਼ਾਂ ਵਿਰੁੱਧ ਰੋਸ ਪ੍ਰਗਟਾਇਆ ਗਿਆ। ਭਾਰਤੀ ਹਾਈ ਕਮਿਸ਼ਨਰ ਦਿਨੇਸ਼ ਪਟਨਾਇਕ ਵੱਲੋਂ ਸ਼ਹੀਦ ਨਿੱਝਰ ਦੇ ਕਤਲ ਮਾਮਲੇ ਨੂੰ ‘ਫਰਿੰਜ ਇਸ਼ੂ’ ਕਰਾਰ ਦਿੱਤੇ ਜਾਣ ’ਤੇ ਪ੍ਰਦਰਸ਼ਨਕਾਰੀਆਂ ਨੇ ਤਿੱਖਾ ਇਤਰਾਜ਼ ਜਤਾਇਆ। ਉਨ੍ਹਾਂ ਕਿਹਾ ਕਿ ਕੈਨੇਡਾ ਦੀ ਧਰਤੀ ’ਤੇ ਇੱਕ ਨਾਗਰਿਕ ਦਾ ਕਤਲ ਕੋਈ ਹਾਸ਼ੀਏ ਦਾ ਮੁੱਦਾ ਨਹੀਂ, ਸਗੋਂ ਕਾਨੂੰਨ ਦੇ ਰਾਜ, ਨਾਗਰਿਕਾਂ ਦੀ ਸੁਰੱਖਿਆ ਅਤੇ ਦੇਸ਼ ਦੀ ਪ੍ਰਭੂਸੱਤਾ ਨਾਲ ਜੁੜਿਆ ਗੰਭੀਰ ਮਾਮਲਾ ਹੈ। ਉਨ੍ਹਾਂ ਕੈਨੇਡਾ ਸਰਕਾਰ ਨੂੰ ਅਪੀਲ ਕੀਤੀ ਕਿ ਇਨਸਾਫ਼ ਦੀ ਪ੍ਰਕਿਰਿਆ ਨੂੰ ਕਿਸੇ ਵੀ ਵਪਾਰਕ ਜਾਂ ਰਾਜਨੀਤਿਕ ਸਮਝੌਤੇ ਦੀ ਬਲੀ ਨਾ ਚੜ੍ਹਾਇਆ ਜਾਵੇ। ਪ੍ਰਦਰਸ਼ਨਕਾਰੀਆਂ ਨੇ ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਸਰਕਾਰ ਨੂੰ ਸੁਨੇਹਾ ਦਿੰਦਿਆਂ ਕਿਹਾ ਕਿ ਸ਼ਹੀਦ ਨਿੱਝਰ ਦੇ ਕਤਲ ਮਾਮਲੇ ਵਿੱਚ ਸਾਹਮਣੇ ਆਉਣ ਵਾਲੇ ਸਬੂਤਾਂ ਦੇ ਆਧਾਰ ’ਤੇ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਜ਼ੋਰ ਦਿੱਤਾ ਕਿ ਕੈਨੇਡਾ ਦੀ ਪ੍ਰਭੂਸੱਤਾ, ਕਾਨੂੰਨ ਦਾ ਰਾਜ ਅਤੇ ਨਾਗਰਿਕਾਂ ਦੀ ਸੁਰੱਖਿਆ ਕਿਸੇ ਵੀ ਵਪਾਰਕ ਸਮਝੌਤੇ ਤੋਂ ਉੱਪਰ ਹਨ। ਰੈਲੀ ਵਿੱਚ ਟੀਮ ਸ਼ਹੀਦ ਨਿੱਝਰ ਵੈਨਕੂਵਰ ਕੈਨੇਡਾ ਦੇ ਸੇਵਾਦਾਰਾਂ ਨੇ ਸ਼ਹੀਦ ਜਥੇਦਾਰ ਭਾਈ ਹਰਦੀਪ ਸਿੰਘ ਨਿੱਝਰ ਦੀ ਯਾਦ ਨੂੰ ਸਦਾ ਜਿਉਂਦਾ ਰੱਖਣ ਅਤੇ ਉਨ੍ਹਾਂ ਦੇ ਕਤਲ ਮਾਮਲੇ ਵਿੱਚ ਇਨਸਾਫ਼ ਦੀ ਆਵਾਜ਼ ਬੁਲੰਦ ਕਰਦੇ ਰਹਿਣ ਦਾ ਸੰਕਲਪ ਦੁਹਰਾਇਆ। ਰੈਲੀ ਦੌਰਾਨ “ਸ਼ਹੀਦ ਨਿੱਝਰ ਦਾ ਕਾਤਲ ਕੌਣ ?”, “ਵਪਾਰ ਨਹੀਂ, ਜਵਾਬਦੇਹੀ ਚਾਹੀਦੀ ਹੈ!”, “ਕੈਨੇਡਾ ਦੀ ਪ੍ਰਭੂਸੱਤਾ ਸਭ ਤੋਂ ਉੱਪਰ!” ਅਤੇ “ਸ਼ਹੀਦ ਨਿੱਝਰ ਨੂੰ ਇਨਸਾਫ਼ ਦਿਓ!” ਵਰਗੇ ਨਾਅਰੇ ਗੂੰਜਦੇ ਰਹੇ। ਇਸ ਰੋਸ ਪ੍ਰਦਰਸ਼ਨ ਵਿੱਚ ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਸੇਵਾਦਾਰ ਭਾਈ ਨਰਿੰਦਰ ਸਿੰਘ ਰੰਧਾਵਾ, ਟੀਮ ਸ਼ਹੀਦ ਨਿੱਝਰ ਦੇ ਭਾਈ ਮਨਜਿੰਦਰ ਸਿੰਘ ਖਾਲਸਾ, ਭਾਈ ਜੈਗ ਸਿੰਘ ਸਿੱਧੂ, ਭਾਈ ਦਲਜੀਤ ਸਿੰਘ, ਭਾਈ ਰਵੀ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਗਗਨਦੀਪ ਸਿੰਘ ਅਤੇ ਭਾਈ ਹਰਨੇਕ ਸਿੰਘ ਸਮੇਤ ਹੋਰ ਸੇਵਾਦਾਰ ਸ਼ਾਮਲ ਰਹੇ। ਟੀਮ ਸ਼ਹੀਦ ਨਿੱਝਰ ਵੈਨਕੂਵਰ ਕੈਨੇਡਾ ਨੇ ਕਿਹਾ ਕਿ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਅਤੇ ਇਨਸਾਫ਼ ਦੀ ਮੰਗ ਸਿੱਖ ਕੌਮ ਦੇ ਮਨਾਂ ਵਿੱਚੋਂ ਮਿਟਾਈ ਨਹੀਂ ਜਾ ਸਕਦੀ ਅਤੇ ਜਦੋਂ ਤੱਕ ਇਨਸਾਫ਼ ਨਹੀਂ ਮਿਲਦਾ, ਰੋਸ ਦੀ ਇਹ ਆਵਾਜ਼ ਲਗਾਤਾਰ ਬੁਲੰਦ ਰਹੇਗੀ।

ਭਾਰਤੀ ਹਾਈ ਕਮਿਸ਼ਨਰ ਵੱਲੋਂ ਕਤਲ ਮਾਮਲੇ ਨੂੰ ‘ਫਰਿੰਜ ਇਸ਼ੂ’ ਕਹਿਣ ’ਤੇ ਸਿੱਖਾਂ ਵੱਲੋਂ ਤਿੱਖਾ ਵਿਰੋਧ; ਕੈਨੇਡਾ ਦੀ ਪ੍ਰਭੂਸੱਤਾ ਅਤੇ ਕਾਨੂੰਨ ਦੇ ਰਾਜ ਨੂੰ ਵਪਾਰਕ ਸਮਝੌਤਿਆਂ ਤੋਂ ਉੱਪਰ ਰੱਖਣ ਦੀ ਮੰਗ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਦੰਦਾਂ ਦਾ ਫ਼ਰੀ ਚੈੱਕ-ਅੱਪ ਕੈਂਪ ਆਯੋਜਿਤ





ਤਲਵੰਡੀ ਸਾਬੋ, 19 ਨਵੰਬਰ (ਗੁਰਜੰਟ ਸਿੰਘ ਨਥੇਹਾ)-ਵਿਦਿਆਰਥੀਆਂ ਵਿੱਚ ਸਿਹਤ ਅਤੇ ਦੰਦਾਂ ਦੀ ਸਹੀ ਸਾਂਭ-ਸੰਭਾਲ ਪ੍ਰਤੀ ਜਾਗਰੂਕਤਾ ਲਿਆਉਣ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਐੱਨ.ਐੱਸ.ਐੱਸ. ਵਿਭਾਗ, ਲੋਕ-ਸੰਪਰਕ ਵਿਭਾਗ ਤੇ ਡਾਇਰੈਕਟਰ ਵਿਦਿਆਰਥੀ ਭਲਾਈ ਵੱਲੋਂ ਫੈਕਲਟੀ ਆਫ਼ ਅਲਾਇਡ ਐਂਡ ਹੈਲਥਕੇਅਰ ਤੇ ਕਾਲਜ ਆਫ਼ ਫਾਰਮਾਸਿਊਟੀਕਲ ਦੇ ਸਹਿਯੋਗ ਨਾਲ ਦੰਦਾਂ ਦਾ ਮੁਫ਼ਤ ਚੈੱਕ-ਅੱਪ ਕੈਂਪ ਆਯੋਜਿਤ ਕੀਤਾ ਗਿਆ, ਜਿਸ ਵਿੱਚ ਡਾ. ਰਜਨੀਸ਼ ਜਿੰਦਲ ਤੇ ਡਾ. ਮੁਸਕਾਨ ਗਰਗ ਦੀ ਟੀਮ ਵੱਲੋਂ 150 ਤੋਂ ਵੱਧ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਵਿਦਿਆਰਥੀਆਂ ਦੇ ਦੰਦਾਂ ਦਾ ਚੈੱਕਅੱਪ ਕੀਤਾ ਗਿਆ ਅਤੇ ਲੋੜ ਮੁਤਾਬਿਕ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਇਸ ਮੌਕੇ ਡਾਇਰੈਕਟਰ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ, ਐੱਨ. ਐੱਸ.ਐੱਸ. ਕੁਆਰਡੀਨੇਟਰ ਨਰਿੰਦਰ ਕੌਰ ਅਤੇ ਡਿਪਟੀ ਡਾਇਰੈਕਟਰ ਲੋਕ-ਸੰਪਰਕ ਲਵਲੀਨ ਸੱਚਦੇਵਾ ਵੱਲੋਂ ਡਾ. ਜਿੰਦਲ ਅਤੇ ਉਹਨਾਂ ਦੀ ਟੀਮ ਨੂੰ ਸਮ੍ਰਿਤੀ ਚਿੰਨ੍ਹਾਂ ਨਾਲ ਸਨਮਾਨਿਤ ਕੀਤਾ ਗਿਆ। ਕੈਂਪ ਬਾਰੇ ਜਾਣਕਾਰੀ ਦਿੰਦਿਆਂ ਡਾ. ਕੌਰ ਨੇ ਦੱਸਿਆ ਕਿ ਪੰਜਾਬ ਦੇ ਕੁਝ ਦੱਖਣ-ਪੱਛਮੀ ਇਲਾਕਿਆਂ ਵਿੱਚ ਧਰਤੀ ਹੇਠਲੇ ਮਾੜੇ ਪਾਣੀ ਦੀ ਵਰਤੋਂ ਕਾਰਨ ਲੋਕਾਂ ਦੇ ਦੰਦਾਂ ਅਤੇ ਹੱਡੀਆਂ ਤੇ ਮਾੜਾ ਪ੍ਰਭਾਵ ਪੈ ਰਿਹਾ ਹੈ। ਉਹਨਾਂ ਵਿਦਿਆਰਥੀਆਂ ਨੂੰ ਤੰਦਰੁਸਤ ਸ਼ਰੀਰ ਦੇ ਮਹਤੱਵ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਤੰਦਰੁਸਤ ਸ਼ਰੀਰ ਵਿੱਚ ਹੀ ਤੰਦਰੁਸਤ ਦਿਮਾਗ਼ ਦਾ ਵਾਸਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਦੰਦਾਂ ਦੀ ਸਾਫ਼-ਸਫ਼ਾਈ ਨਾ ਰੱਖਣ ਕਾਰਣ ਮਨੁੱਖ ਕਈ ਸੰਭਾਵਿਤ ਬਿਮਾਰੀਆਂ ਦਾ ਸ਼ਿਕਾਰ ਹੋ ਸਕਦਾ ਹੈ। ਮਾਹਿਰਾਂ ਦੀ ਟੀਮ ਵਿੱਚ ਸ਼ਾਮਿਲ ਗੀਤਾ, ਬੋਵਿਨ ਅਤੇ ਅਰਪਨ ਵੱਲੋਂ ਦੰਦਾਂ ਨੂੰ ਸਿਹਤਮੰਦ ਤੇ ਆਕਰਸ਼ਕ ਰੱਖਣ ਦੇ ਤਰੀਕਿਆਂ ਅਤੇ ਸਹੀ ਬਰਸ਼ਿੰਗ ਕਰਨ ਬਾਰੇ ਦੇ ਸੁਝਾਅ ਸਾਂਝੇ ਕੀਤੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਮਾਨ ਸਰਕਾਰ ਦੇ ਕੰਮਾਂ ਤੇ ਪੰਜਾਬ ਦੇ ਲੋਕ ਖੁਸ਼: ਬਲਜੀਤ ਸਿੰਘ ਚਾਹਲ ਉਦੋ ਨੰਗਲ

ਚੌਕ ਮਹਿਤਾ 19ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ਼ ਵਾਅਦੇ ਨਹੀਂ ਕੀਤੇ, ਸਗੋਂ ਜ਼ਮੀਨੀ ਪੱਧਰ ’ਤੇ ਕੰਮ ਕਰਕੇ ਲੋਕਾਂ ਨੂੰ ਉਸ ਦਾ ਸਿੱਧਾ ਲਾਭ ਦਿੱਤਾ ਹੈ। ਵਿਕਾਸ ਕਾਰਜਾਂ ਤੋਂ ਲੈ ਕੇ ਮਾਵਾਂ-ਧੀਆਂ ਸਤਿਕਾਰ ਯੋਜਨਾ, ਰਾਸ਼ਨ ਕਿੱਟਾਂ, ਤੀਰਥ ਯਾਤਰਾ ਯੋਜਨਾ ਅਤੇ ਸਿਹਤ ਸਹੂਲਤਾਂ ਤੱਕ ਸਰਕਾਰ ਵੱਲੋਂ ਚੁੱਕੇ ਜਾ ਰਹੇ ਕਦਮਾਂ ਨੇ ਆਮ ਲੋਕਾਂ ਵਿੱਚ ਭਰੋਸਾ ਪੈਦਾ ਕੀਤਾ ਹੈ। ਇਹੀ ਕਾਰਨ ਹੈ ਕਿ ਅੱਜ ਪੰਜਾਬ ਦੇ ਲੋਕ ਸਰਕਾਰ ਦੇ ਕੰਮਾਂ ਨੂੰ ਆਪਣੇ ਤਜਰਬੇ ਨਾਲ ਦੇਖ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਜੰਡਿਆਲਾ ਗੁਰੂ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਬਲਜੀਤ ਸਿੰਘ ਚਾਹਲ ਉਦੋਂ ਨੰਗਲ ਜਨਰਲ ਸੈਕਟਰੀ ਪੰਜਾਬ ਨੇ ਕਿਹਾ ਕਿ ਸਰਕਾਰ ਰਹਿਨੁਮਾਈ ਹੇਠ ਵਿਕਾਸ ਕਾਰਜਾਂ ਨੇ ਨਵੀਂ ਰਫ਼ਤਾਰ ਫੜੀ ਹੈ ਅਤੇ ਲੋਕਾਂ ਨਾਲ ਸਿੱਧਾ ਰਾਬਤਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਬਲਜੀਤ ਸਿੰਘ ਚਾਹਲ ਉਦੋਂ ਨੰਗਲ ਜਨਰਲ ਸੈਕਟਰੀ ਪੰਜਾਬ ਨੇ ਕਿਹਾ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਵੱਲੋਂ ਪਿੰਡ-ਪਿੰਡ ਅਤੇ ਲੋਕਾਂ ਦੇ ਵਿਚਕਾਰ ਜਾ ਕੇ ਕੀਤੀਆਂ ਜਾ ਰਹੀਆਂ ਲੋਕ ਮਿਲਣੀਆਂ ਸਿਰਫ਼ ਰਸਮੀ ਪ੍ਰੋਗਰਾਮ ਨਹੀਂ ਹਨ, ਬਲਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੌਕੇ ’ਤੇ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨ ਦਾ ਜ਼ਰੀਆ ਹਨ। ਉਨ੍ਹਾਂ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਦੀ ਸਰਗਰਮੀ ਕਾਰਨ ਵਿਕਾਸ ਕਾਰਜਾਂ ਨੂੰ ਹੁਲਾਰਾ ਮਿਲਿਆ ਹੈ ਅਤੇ ਸਰਕਾਰੀ ਸਹੂਲਤਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਮੈਦਾਨ ਵਿੱਚ ਡਟੇ ਰਹਿਣ ਵਾਲੀ ਇਹ ਪਹੁੰਚ ਹੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਲੋਕਾਂ ਨਾਲ ਜੋੜਦੀ ਹੈ। ਉਨ੍ਹਾਂ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਪੰਜਾਬ ਦੀ ਜ਼ਿੰਮੇਵਾਰੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਸੌਂਪਣਾ ਲੋਕਾਂ ਦੀਆਂ ਉਮੀਦਾਂ ’ਤੇ ਖਰਾ ਉਤਰ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਹਲਕੇ ਵਿੱਚ ਵਿਕਾਸ ਦੇ ਮੁੱਦੇ ’ਤੇ ਸਿਆਸਤ ਕਰਨ ਦੀ ਬਜਾਏ ਕੰਮ ਕਰਕੇ ਜਵਾਬ ਦੇਣ ਦਾ ਦੌਰ ਸ਼ੁਰੂ ਹੋ ਗਿਆ ਹੈ। ਆਉਣ ਵਾਲੇ ਸਮੇਂ ਵਿੱਚ ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਕਾਰਜਾਂ ਦੀ ਰਫ਼ਤਾਰ ਹੋਰ ਤੇਜ਼ ਕਰਨ ਅਤੇ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਦਿਵਾਉਣ ਲਈ ਯਤਨ ਜਾਰੀ ਰਹਿਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਿੱਲੀ ਦੇ ਇੰਟਰਨੈਸ਼ਨਲ ਟਰੇਡ ਫੇਅਰ 2026 ਵਿਖੇ

ਪੰਜਾਬ ਪੈਵਿਲੀਅਨ ਵਿਰਾਸਤ ਅਤੇ ਨਵੀਨਤਾ ਦਾ ਸ਼ਾਨਦਾਰ ਸੁਮੇਲ





ਨਵੀਂ ਦਿੱਲੀ, 19 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਇੰਡੀਆ ਇੰਟਰਨੈਸ਼ਨਲ ਟਰੇਡ ਫੇਅਰ (ਆਈ.ਆਈ.ਟੀ.ਐੱਫ.) 2026 ਵਿਖੇ ਪੰਜਾਬ ਸਰਕਾਰ ਵੱਲੋਂ ਪੰਜਾਬ ਸਮਾਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ (ਪੀ.ਐੱਸ.ਆਈ.ਈ.ਸੀ.) ਰਾਹੀਂ 450 ਵਰਗ ਮੀਟਰ ਖੇਤਰ ਵਿੱਚ ਸਥਾਪਿਤ ਪੰਜਾਬ ਪੈਵਿਲੀਅਨ 'ਵਿਕਾਸ ਅਤੇ ਵਿਰਾਸਤ' ਦੇ ਵਿਸ਼ੇ 'ਤੇ ਆਧਾਰਿਤ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤਾ ਗਿਆ ਇਹ ਪੈਵਿਲੀਅਨ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ, ਖੇਤੀਬਾੜੀ ਖੇਤਰ ਦੀਆਂ ਪ੍ਰਾਪਤੀਆਂ, ਉਦਯੋਗਿਕ ਸਮਰੱਥਾ ਅਤੇ ਤਕਨੀਕੀ ਤਰੱਕੀ ਨੂੰ ਆਧੁਨਿਕ ਪੇਸ਼ਕਾਰੀ ਰਾਹੀਂ ਦਰਸਾ ਰਿਹਾ ਹੈ। ਉਦਯੋਗ ਤੇ ਵਣਜ ਵਿਭਾਗ ਦੇ ਪ੍ਰਮੁੱਖ ਸਕੱਤਰ ਡਾ. ਬਸੰਤ ਗਰਗ, ਡਾਇਰੈਕਟਰ ਜਸਪ੍ਰੀਤ ਸਿੰਘ ਅਤੇ ਪੀ.ਐੱਸ.ਆਈ.ਈ.ਸੀ. ਦੇ ਮੈਨੇਜਿੰਗ ਡਾਇਰੈਕਟਰ ਰੁਬਿੰਦਰਜੀਤ ਸਿੰਘ ਬਰਾੜ ਦੀ ਰਹਿਨੁਮਾਈ ਹੇਠ ਤਿਆਰ ਪੈਵਿਲੀਅਨ ਵਿੱਚ ਪੰਜਾਬ ਦੀ ਰਵਾਇਤੀ ਆਰਕੀਟੈਕਚਰ, ਲੋਕ ਕਲਾ ਅਤੇ ਰੰਗ-ਬਿਰੰਗੇ ਨਮੂਨਿਆਂ ਨੂੰ ਐੱਲ.ਈ.ਡੀ. ਡਿਸਪਲੇਅ, ਡਿਜੀਟਲ ਇੰਸਟਾਲੇਸ਼ਨਾਂ ਅਤੇ ਏ.ਆਈ. ਆਧਾਰਿਤ ਇੰਟਰਐਕਟਿਵ ਸੈਲਫੀ ਪੁਆਇੰਟਾਂ ਨਾਲ ਜੋੜਿਆ ਗਿਆ ਹੈ। ਇਸ ਦੇ ਮੁੱਖ ਆਕਰਸ਼ਣਾਂ ਵਿੱਚ ਵਿਕਸਿਤ ਪੰਜਾਬ ਇੰਸਟਾਲੇਸ਼ਨ, ਕਾਲੇ ਹਿਰਨ ਦੀ ਮੂਰਤੀ, ਪੰਜਾਬ ਦੀ ਨਿਰਮਾਣ ਸਮਰੱਥਾ ਨੂੰ ਦਰਸਾਉਂਦੇ ਖੇਡਾਂ ਦੇ ਸਾਮਾਨ, ਲਾਈਵ ਦਸਤਕਾਰੀ ਪ੍ਰਦਰਸ਼ਨ ਅਤੇ ਭੰਗੜੇ-ਗਿੱਧੇ ਦੀਆਂ ਰੰਗਾਰੰਗ ਪੇਸ਼ਕਾਰੀਆਂ ਸ਼ਾਮਲ ਹਨ। ਪੈਵਿਲੀਅਨ ਰਾਹੀਂ ਪੰਜਾਬ ਵਿੱਚ ਨਿਵੇਸ਼ ਦੇ ਮੌਕਿਆਂ, 'ਇਨਵੈਸਟ ਪੰਜਾਬ', 'ਫਾਸਟ ਟ੍ਰੈਕ ਪੰਜਾਬ' ਅਧੀਨ 300 ਤੋਂ ਵੱਧ ਰੈਗੂਲੇਟਰੀ ਮਨਜ਼ੂਰੀਆਂ ਅਤੇ ਉਦਯੋਗ ਤੇ ਵਪਾਰ ਵਿਕਾਸ ਨੀਤੀ 2026 ਬਾਰੇ ਵੀ ਜਾਣਕਾਰੀ ਦਿੱਤੀ ਜਾ ਰਹੀ ਹੈ, ਜਿਸ ਵਿੱਚ 24 ਖੇਤਰ-ਵਿਸ਼ੇਸ਼ ਨੀਤੀਆਂ ਅਤੇ ਨਿਵੇਸ਼ਕਾਂ ਲਈ ਅਨੁਕੂਲ ਪਹਿਲਕਦਮੀਆਂ ਸ਼ਾਮਲ ਹਨ। 16 ਨਵੰਬਰ ਨੂੰ ਜਿਊਰੀ ਵੱਲੋਂ ਪੰਜਾਬ ਪੈਵਿਲੀਅਨ ਦਾ ਦੌਰਾ ਕਰਕੇ ਵੱਖ-ਵੱਖ ਸਟਾਲਾਂ, ਉਦਯੋਗਾਂ, ਐੱਮ.ਐੱਸ.ਐੱਮ.ਈਜ਼. ਅਤੇ ਕਾਰੀਗਰਾਂ ਦੇ ਉਤਪਾਦਾਂ, ਨਵੀਨਤਮ ਪਹਿਲਕਦਮੀਆਂ ਅਤੇ ਵਪਾਰਕ ਸੰਭਾਵਨਾਵਾਂ ਦਾ ਜਾਇਜ਼ਾ ਲਿਆ ਗਿਆ। ਪੈਵਿਲੀਅਨ ਦਾ ਉਦੇਸ਼ ਪੰਜਾਬ ਦੀ ਸੱਭਿਆਚਾਰਕ ਪਛਾਣ ਨੂੰ ਪ੍ਰਫੁੱਲਤ ਕਰਨ ਦੇ ਨਾਲ-ਨਾਲ ਦੇਸ਼-ਵਿਦੇਸ਼ ਤੋਂ ਨਿਵੇਸ਼ ਆਕਰਸ਼ਿਤ ਕਰਨਾ, ਉਦਯੋਗਿਕ ਸਮਰੱਥਾ ਦਾ ਪ੍ਰਦਰਸ਼ਨ ਅਤੇ ਨਵੀਨਤਾ, ਉੱਦਮਸ਼ੀਲਤਾ ਤੇ ਰੋਜ਼ਗਾਰ ਦੇ ਮੌਕਿਆਂ ਨੂੰ ਉਤਸ਼ਾਹਿਤ ਕਰਨਾ ਹੈ। ਪੰਜਾਬ ਪੈਵਿਲੀਅਨ ਦੇ ਉਪ-ਪ੍ਰਸ਼ਾਸਕ ਗੁਰਪ੍ਰੀਤ ਸਿੰਘ ਅਤੇ ਅਮਨਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਦੀ ਸ਼ਾਨਾਮੱਤੀ ਵਿਰਾਸਤ ਹੀ ਇਸ ਦੇ ਪ੍ਰਗਤੀਸ਼ੀਲ ਭਵਿੱਖ ਦੀ ਨੀਂਹ ਹੈ ਅਤੇ ਪੈਵਿਲੀਅਨ ਸੱਭਿਆਚਾਰਕ ਵਿਰਾਸਤ ਦੀ ਸੰਭਾਲ, ਉਦਯੋਗਿਕ ਉੱਤਮਤਾ ਤੇ ਤਕਨੀਕੀ ਤਰੱਕੀ ਦੇ ਸੁਮੇਲ ਨੂੰ ਦਰਸਾਉਂਦਾ ਹੈ।

450 ਵਰਗ ਮੀਟਰ ਵਿੱਚ ਸਥਾਪਿਤ ਪੰਜਾਬ ਪੈਵਿਲੀਅਨ ਰਾਹੀਂ ਸੂਬੇ ਦੀ ਸੱਭਿਆਚਾਰਕ ਵਿਰਾਸਤ, ਉਦਯੋਗਿਕ ਸਮਰੱਥਾ ਅਤੇ ਤਕਨੀਕੀ ਤਰੱਕੀ ਦਾ ਪ੍ਰਦਰਸ਼ਨ

ਆਵਾਜ਼ਿ ਕੌਮ AWAZE QAUM International Newspaper & WEB TV

ਪਟਨਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 360ਵੇਂ ਪ੍ਰਕਾਸ਼ ਪੁਰਬ ਨੂੰ ਇਤਿਹਾਸਕ ਬਣਾਉਣ ਲਈ ਤਿਆਰੀਆਂ ਤੇਜ਼

13 ਤੋਂ 15 ਜਨਵਰੀ ਤੱਕ ਜੁੜੇਗਾ ਵਿਸ਼ਾਲ ਸੰਗਤ ਇਕੱਠ



ਨਵੀਂ ਦਿੱਲੀ, 19 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ 360ਵੇਂ ਪ੍ਰਕਾਸ਼ ਪੁਰਬ ਨੂੰ ਇਤਿਹਾਸਕ ਅਤੇ ਯਾਦਗਾਰੀ ਬਣਾਉਣ ਲਈ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। 13 ਤੋਂ 15 ਜਨਵਰੀ ਤੱਕ ਬਿਹਾਰ ਸਰਕਾਰ ਅਤੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਧਾਰਮਿਕ ਸਮਾਗਮ ਕਰਵਾਏ ਜਾਣਗੇ, ਜਿਨ੍ਹਾਂ ਨੂੰ 350ਵੇਂ ਪ੍ਰਕਾਸ਼ ਪੁਰਬ ਦੀ ਤਰਜ਼ 'ਤੇ ਸ਼ਾਨਦਾਰ ਰੂਪ ਦੇਣ ਦੀ ਯੋਜਨਾ ਹੈ। ਪ੍ਰਕਾਸ਼ ਪੁਰਬ ਮੌਕੇ ਦੇਸ਼-ਵਿਦੇਸ਼ ਤੋਂ ਪ੍ਰਮੁੱਖ ਧਾਰਮਿਕ ਸ਼ਖ਼ਸੀਅਤਾਂ, ਸੰਤ-ਮਹਾਪੁਰਖਾਂ, ਪੰਥਕ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਪਹੁੰਚਣ ਦੀ ਸੰਭਾਵਨਾ ਹੈ। ਇਸ ਸਬੰਧੀ ਪ੍ਰਬੰਧਕ ਕਮੇਟੀ ਵੱਲੋਂ ਸੱਦਾ ਮੁਹਿੰਮ ਤੇਜ਼ ਕਰਦਿਆਂ ਸੰਤ ਸਮਾਜ ਅਤੇ ਲੰਗਰ ਸੇਵਾ ਨਾਲ ਜੁੜੀਆਂ ਸੰਪਰਦਾਵਾਂ ਨੂੰ ਵਿਸ਼ੇਸ਼ ਸੱਦੇ ਦਿੱਤੇ ਜਾ ਰਹੇ ਹਨ। ਤਖ਼ਤ ਸ੍ਰੀ ਪਟਨਾ ਸਾਹਿਬ ਦੇ ਮੀਡੀਆ ਇੰਚਾਰਜ ਸਰਦਾਰ ਸੁਦੀਪ ਸਿੰਘ ਨੇ ਦੱਸਿਆ ਕਿ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਵੱਲੋਂ ਖੁਦ ਵੱਖ-ਵੱਖ ਧਾਰਮਿਕ ਸ਼ਖ਼ਸੀਅਤਾਂ ਨਾਲ ਮੁਲਾਕਾਤ ਕਰਕੇ ਪ੍ਰਕਾਸ਼ ਪੁਰਬ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਕਾਰ ਸੇਵਾ ਭੂਰੀ ਸੰਪਰਦਾ ਦੇ ਬਾਬਾ ਕਸ਼ਮੀਰਾ ਸਿੰਘ ਜੀ ਅਤੇ ਬਾਬਾ ਸੁਖਵਿੰਦਰ ਸਿੰਘ ਜੀ ਨੂੰ ਸੱਦਾ ਪੱਤਰ ਭੇਟ ਕੀਤਾ ਗਿਆ। ਸੰਪਰਦਾ ਵੱਲੋਂ ਕੰਗਣ ਘਾਟ, ਗੁਰੂ ਕਾ ਬਾਗ ਸਮੇਤ ਤਿੰਨ ਥਾਵਾਂ 'ਤੇ ਵਿਸ਼ਾਲ ਲੰਗਰ ਸੇਵਾ ਕੀਤੀ ਜਾਵੇਗੀ। ਇਸ ਤੋਂ ਇਲਾਵਾ ਬਾਬਾ ਸਤਨਾਮ ਸਿੰਘ ਜੀ, ਬਾਬਾ ਇੰਦਰਜੀਤ ਸਿੰਘ ਜੀ (ਯੂ.ਕੇ.), ਬਾਬਾ ਬਲਬੀਰ ਸਿੰਘ ਜੀ 96 ਕਰੋੜੀ, ਬਾਬਾ ਅਵਤਾਰ ਸਿੰਘ ਜੀ ਬੁੱਢਾ ਦਲ ਅਤੇ ਬੜੂ ਸਾਹਿਬ ਵਾਲੇ ਬਾਬਾ ਜੀ ਨੂੰ ਵੀ ਸੱਦਾ ਦਿੱਤਾ ਗਿਆ ਹੈ। ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਸਰਦਾਰ ਲਖਵਿੰਦਰ ਸਿੰਘ ਅਤੇ ਮੀਤ ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ ਵੀ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਜਾ ਕੇ ਧਾਰਮਿਕ ਸ਼ਖ਼ਸੀਅਤਾਂ ਅਤੇ ਪਤਵੰਤੀਆਂ ਨੂੰ ਸੱਦੇ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਿਰਫ਼ ਧਾਰਮਿਕ ਸਮਾਗਮ ਤੱਕ ਸੀਮਤ ਨਾ ਰੱਖ ਕੇ ਗੁਰੂ ਸਾਹਿਬ ਦੇ ਤਿਆਗ, ਬਹਾਦਰੀ, ਮਨੁੱਖਤਾ, ਬਰਾਬਰੀ ਅਤੇ ਸਰਬ ਧਰਮ ਸਦਭਾਵਨਾ ਦੇ ਸੰਦੇਸ਼ ਨੂੰ ਵਿਸ਼ਵ ਭਰ ਵਿੱਚ ਪਹੁੰਚਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਪਹੁੰਚ ਕੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ।



350ਵੇਂ ਪ੍ਰਕਾਸ਼ ਪੁਰਬ ਦੀ ਤਰਜ਼ 'ਤੇ ਹੋਣਗੇ ਵਿਸ਼ਾਲ ਸਮਾਗਮ, ਦੇਸ਼-ਵਿਦੇਸ਼ ਦੀਆਂ ਪ੍ਰਮੁੱਖ ਧਾਰਮਿਕ ਸ਼ਖ਼ਸੀਅਤਾਂ ਨੂੰ ਸੱਦੇ, ਤਿੰਨ ਥਾਵਾਂ 'ਤੇ ਹੋਵੇਗੀ ਵਿਸ਼ੇਸ਼ ਲੰਗਰ ਸੇਵਾ

ਆਵਾਜ਼ਿ ਕੌਮ AWAZE QAUM International Newspaper & WEB TV

ਪੀ.ਪੀ ਐ ਸੀ.ਐੱਸਭਰਤੀ ਪ੍ਰਕਿਰਿਆ ਵਿੱਚ ਬੇਨਿਯਮੀਆਂ ਦੇ ਦੋਸ਼ਾਂ ਸਬੰਧੀ ਪੰਜਾਬ ਅਤੇ ਹਰਿਆਣਾ ਉੱਚ ਅਦਾਲਤ ਦਾ ਅਹਿਮ ਫੈਸਲਾ; ਸੀ.ਬੀ.ਆਈ. ਜਾਂਚ ਦੀ ਪੁਰਜ਼ੋਰ ਮੰਗ: ਕਰਨੈਲ ਸਿੰਘ ਪੀਰਮੁਹੰਮਦ



ਚੰਡੀਗੜ੍ਹ, 19 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਮੁੱਖ ਬੁਲਾਰੇ, ਸੀਨੀਅਰ ਮੀਤ ਪ੍ਰਧਾਨ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਪੰਜਾਬ ਪੀ.ਸੀ.ਐੱਸ. ਭਰਤੀ ਪ੍ਰਕਿਰਿਆ ਵਿੱਚ ਸਾਹਮਣੇ ਆਈਆਂ ਕਥਿਤ ਬੇਨਿਯਮੀਆਂ ਸਬੰਧੀ ਮਾਣਯੋਗ ਪੰਜਾਬ ਅਤੇ ਹਰਿਆਣਾ ਉੱਚ ਅਦਾਲਤ ਵੱਲੋਂ ਲਏ ਗਏ ਸਖ਼ਤ ਫੈਸਲੇ ਦਾ ਭਰਵਾਂ ਸਵਾਗਤ ਕੀਤਾ ਹੈ। ਅੱਜ ਇੱਥੋਂ ਜਾਰੀ ਕੀਤੇ ਇੱਕ ਵਿਸਥਾਰਪੂਰਵਕ ਪ੍ਰੈੱਸ ਬਿਆਨ ਵਿੱਚ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਮਾਣਯੋਗ ਪੰਜਾਬ ਅਤੇ ਹਰਿਆਣਾ ਉੱਚ ਅਦਾਲਤ ਵੱਲੋਂ ਪੰਜਾਬ ਪੀ.ਸੀ.ਐੱਸ. ਪ੍ਰੀਖਿਆ ਦੀ ਭਰਤੀ ਪ੍ਰਕਿਰਿਆ ਸਬੰਧੀ ਦਾਇਰ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਪ੍ਰੀਖਿਆ ਦੀ ਸਮੁੱਚੀ ਅਗਲੀ ਕਾਰਵਾਈ 'ਤੇ ਰੋਕ ਲਗਾਉਣ ਅਤੇ ਪੰਜਾਬ ਸਰਕਾਰ ਨੂੰ ਭਰਤੀ ਪ੍ਰਕਿਰਿਆ ਨਾਲ ਸਬੰਧਤ ਸਮੁੱਚਾ ਰਿਕਾਰਡ ਅਦਾਲਤ ਵਿੱਚ ਪੇਸ਼ ਕਰਨ ਦੇ ਦਿੱਤੇ ਗਏ ਨਿਰਦੇਸ਼ ਬੇਹੱਦ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ ਕਿ ਸੁਣਵਾਈ ਦੌਰਾਨ ਵਿਦਿਆਰਥੀਆਂ ਵੱਲੋਂ ਪੇਸ਼ ਹੋਏ ਵਕੀਲ ਨੇ ਚੋਣ ਪ੍ਰਕਿਰਿਆ ਵਿੱਚ ਕਥਿਤ ਬੇਨਿਯਮੀਆਂ ਅਤੇ ਪੱਖਪਾਤ ਸਬੰਧੀ ਬੇਹੱਦ ਗੰਭੀਰ ਸਵਾਲ ਉਠਾਏ ਹਨ। ਅਦਾਲਤ ਦੇ ਧਿਆਨ ਵਿੱਚ ਇਹ ਤੱਥ ਲਿਆਂਦੇ ਗਏ ਹਨ ਕਿ ਚੁਣੇ ਗਏ ਉਮੀਦਵਾਰਾਂ ਵਿੱਚ ਸਿਆਸੀ ਆਗੂਆਂ ਅਤੇ ਉੱਚ ਅਹੁਦਿਆਂ 'ਤੇ ਤਾਇਨਾਤ ਅਧਿਕਾਰੀਆਂ ਦੇ ਪਰਿਵਾਰਾਂ ਨਾਲ ਸਬੰਧਤ ਉਮੀਦਵਾਰਾਂ ਦੀ ਕਥਿਤ ਤੌਰ 'ਤੇ ਵੱਡੀ ਗਿਣਤੀ ਹੈ। ਇਸ ਤੋਂ ਇਲਾਵਾ ਇੱਕੋ ਪਰਿਵਾਰ ਦੇ ਦੋ ਬੱਚਿਆਂ ਦੀ ਚੋਣ ਹੋਣ ਅਤੇ ਯੋਗਤਾ ਰੱਖਣ ਵਾਲੇ ਮਿਹਨਤੀ ਉਮੀਦਵਾਰਾਂ ਦੇ ਚੋਣ ਤੋਂ ਬਾਹਰ ਰਹਿ ਜਾਣ ਵਰਗੇ ਗੰਭੀਰ ਮੁੱਦੇ ਵੀ ਸਾਹਮਣੇ ਆਏ ਹਨ, ਜਿਸ ਕਾਰਨ ਪ੍ਰਭਾਵਿਤ ਵਿਦਿਆਰਥੀਆਂ ਨੂੰ ਆਪਣੇ ਹੱਕਾਂ ਦੀ ਰਾਖੀ, ਭਰਤੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਯੋਗਤਾ ਦੇ ਆਧਾਰ 'ਤੇ ਨਿਰਪੱਖ ਚੋਣ ਯਕੀਨੀ ਬਣਾਉਣ ਲਈ ਮਾਣਯੋਗ ਉੱਚ ਅਦਾਲਤ ਦਾ ਦਰਵਾਜ਼ਾ ਖੜਕਾਉਣਾ ਪਿਆ। ਸਰਦਾਰ ਪੀਰਮੁਹੰਮਦ ਨੇ ਅੱਗੇ ਕਿਹਾ ਕਿ ਇਹ ਬੇਹੱਦ ਨਿਰਾਸ਼ਾਜਨਕ ਹੈ ਕਿ ਵਾਰ-ਵਾਰ ਪੇਪਰ ਲੀਕ ਹੋਣ ਅਤੇ ਭਰਤੀਆਂ ਵਿੱਚ ਹੁੰਦੀਆਂ ਬੇਨਿਯਮੀਆਂ ਕਾਰਨ ਪੰਜਾਬ ਦੇ ਹੋਣਹਾਰ ਵਿਦਿਆਰਥੀਆਂ ਦੇ ਭਵਿੱਖ ਨਾਲ ਲਗਾਤਾਰ ਖਿਲਵਾੜ ਕੀਤਾ ਜਾ ਰਿਹਾ ਹੈ। ਉਨ੍ਹਾਂ ਪੁਰਜ਼ੋਰ ਸ਼ਬਦਾਂ ਵਿੱਚ ਕਿਹਾ ਕਿ ਪੰਜਾਬ ਲੋਕ ਸੇਵਾ ਕਮਿਸ਼ਨ (ਪੀ.ਪੀ.ਐੱਸ.ਸੀ.) ਜਾਂ ਸੰਘ ਲੋਕ ਸੇਵਾ ਕਮਿਸ਼ਨ (ਯੂ.ਪੀ.ਐੱਸ.ਸੀ.) ਵਰਗੇ ਵੱਕਾਰੀ ਇਮਤਿਹਾਨ ਦੇਣਾ ਕੋਈ ਮਜ਼ਾਕੀਆ ਗੱਲ ਨਹੀਂ ਹੈ। ਦਿਨ-ਰਾਤ ਸਖ਼ਤ ਮਿਹਨਤ ਕਰਨ ਵਾਲੇ ਬੱਚੇ ਹਰ ਪਲ ਆਪਣੇ ਸੁਪਨਿਆਂ ਦੀ ਪੂਰਤੀ ਲਈ ਜਿਊਂਦੇ ਹਨ ਅਤੇ ਉਨ੍ਹਾਂ ਦੇ ਮਾਪੇ ਵੀ ਆਪਣੀਆਂ ਸਾਰੀਆਂ ਉਮੀਦਾਂ ਉਨ੍ਹਾਂ 'ਤੇ ਲਗਾ ਕੇ ਰੱਖਦੇ ਹਨ। ਜਦੋਂ ਸਿਸਟਮ ਦੀਆਂ ਖਾਮੀਆਂ ਅਤੇ ਭ੍ਰਿਸ਼ਟਾਚਾਰ ਕਾਰਨ ਮਿਹਨਤੀ ਤੇ ਯੋਗ ਬੱਚੇ ਸਫਲ ਨਹੀਂ ਹੁੰਦੇ, ਤਾਂ ਸਮਾਜ ਵਿੱਚ ਉਨ੍ਹਾਂ ਦੇ ਆਪਣੇ ਹੀ ਲੋਕ ਉਨ੍ਹਾਂ ਨੂੰ ਤਾਨੇ ਦਿੰਦੇ ਹਨ, ਜੋ ਕਿ ਨੌਜਵਾਨਾਂ ਅਤੇ ਉਨ੍ਹਾਂ ਦੇ ਮਾਪਿਆਂ ਲਈ ਅਸਹਿ ਪੀੜਾ ਦਾ ਕਾਰਨ ਬਣਦਾ ਹੈ। ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਮੰਗ ਕੀਤੀ ਕਿ ਸਰਕਾਰੀ ਨੌਕਰੀਆਂ ਵਿੱਚ ਚੋਣ ਦਾ ਇੱਕੋ-ਇੱਕ ਆਧਾਰ ਸਿਰਫ਼ ਤੇ ਸਿਰਫ਼ ਯੋਗਤਾ ਅਤੇ ਪਾਰਦਰਸ਼ਤਾ ਹੋਣਾ ਚਾਹੀਦਾ ਹੈ, ਨਾ ਕਿ ਸਿਆਸੀ ਜਾਂ ਪ੍ਰਸ਼ਾਸਨਿਕ ਪਹੁੰਚ। ਉਨ੍ਹਾਂ ਕਿਹਾ ਕਿ ਉੱਚ ਅਦਾਲਤ ਵੱਲੋਂ ਇਸ ਭਰਤੀ ਪ੍ਰਕਿਰਿਆ 'ਤੇ ਲਗਾਈ ਗਈ ਰੋਕ ਨਾਲ ਇਨਸਾਫ਼ ਦੀ ਉਮੀਦ ਜਾਗੀ ਹੈ, ਪਰ ਇਸ ਮਾਮਲੇ ਦਾ ਇੱਕੋ-ਇੱਕ ਪੱਕਾ ਹੱਲ ਇਹੀ ਹੈ ਕਿ ਪੰਜਾਬ ਲੋਕ ਸੇਵਾ ਕਮਿਸ਼ਨ ਦੇ ਇਸ ਸਮੁੱਚੇ ਇਮਤਿਹਾਨ ਅਤੇ ਚੋਣ ਪ੍ਰਕਿਰਿਆ ਦੀ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਤੋਂ ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਪੂਰੀ ਗੰਭੀਰਤਾ ਨਾਲ ਲਿਆ ਜਾਵੇ ਅਤੇ ਜਾਂਚ ਦੌਰਾਨ ਜੋ ਵੀ ਅਧਿਕਾਰੀ ਜਾਂ ਸਿਆਸੀ ਵਿਅਕਤੀ ਦੋਸ਼ੀ ਪਾਇਆ ਜਾਂਦਾ ਹੈ, ਉਸ ਦੇ ਵਿਰੁੱਧ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਅਸਲ ਸੱਚ ਦੁਨੀਆ ਦੇ ਸਾਹਮਣੇ ਆ ਸਕੇ ਅਤੇ ਕਿਸੇ ਵੀ ਯੋਗ ਉਮੀਦਵਾਰ ਨਾਲ ਬੇਇਨਸਾਫ਼ੀ ਨਾ ਹੋਵੇ।

40 ਕਿਲੋ ਹੈਰੋਇਨ ਦੀ ਬਰਾਮਦਗੀ ਅਤੇ ਹਵਾਲਾਤੀ ਦੀ ਸ਼ੱਕੀ ਮੌਤ ਨੂੰ ਲੈਕੇ ਡੈਨੀ ਬੰਡਾਲਾ ਨੇ ਖੜੇ ਕੀਤੇ ਸਵਾਲ ਦੋਵਾਂ ਮਾਮਲਿਆਂ ਦੀ ਸੀਬੀਆਈ ਜਾਂਚ ਕਰਵਾਈ ਜਾਵੇ ਡੈਨੀ ਬੰਡਾਲਾ



ਜੰਡਿਆਲਾ ਗੁਰੂ 19 ਨਵੰਬਰ (ਕੁਲਵੰਤ ਸਿੰਘ ਵਿਰਦੀ)-ਪੰਜਾਬ ਵਿੱਚ ਨਸ਼ਿਆਂ ਦੇ ਕਾਰੋਬਾਰ ਅਤੇ ਕਾਨੂੰਨ-ਵਿਵਸਥਾ ਨੂੰ ਲੈਕੇ ਸਰਕਾਰ ਨੂੰ ਘੇਰਦਿਆਂ ਸਾਬਕਾ ਵਿਧਾਇਕ ਅਤੇ ਪੰਜਾਬ ਕਾਂਗਰਸ ਦੇ ਵਰਕਿੰਗ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਜੰਡਿਆਲਾ ਗੁਰੂ ਵਿੱਚ 40 ਕਿਲੋ ਹੈਰੋਇਨ ਦੀ ਬਰਾਮਦਗੀ ਅਤੇ ਅੰਮ੍ਰਿਤਸਰ ਸੈਂਟਰਲ ਜੇਲ੍ਹ ਵਿੱਚ ਹਵਾਲਾਤੀ ਪੁਨੀਤ ਪਾਲ ਢਿੱਲੋਂ ਦੀ ਸ਼ੱਕੀ ਹਾਲਾਤ ਵਿੱਚ ਹੋਈ ਮੌਤ ਨੂੰ ਲੈ ਕੇ ਕਈ ਗੰਭੀਰ ਸਵਾਲ ਖੜ੍ਹੇ ਕੀਤੇ ਡੈਨੀ ਬੰਡਾਲਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੋਸ

ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਅਵਤਾਰ ਪੁਰਬ ਨੂੰ ਸਮਰਪਿਤ ਲੋੜਵੰਦ ਪ੍ਰੀਵਾਰਾਂ ਦੀਆਂ ਬੇਟੀਆਂ ਦੇ

ਆਨੰਦ ਕਾਰਜ ਕਰਵਾਏ ਗਏ, ਲੋੜਵੰਦ ਘਰੇਲੂ ਸਮਾਨ ਦਿੱਤਾ ਗਿਆ : ਬਾਬਾ ਬਿਬੇਕ ਸਿੰਘ



ਜੰਡਿਆਲਾ ਗੁਰੂ, 19 ਨਵੰਬਰ (**ਕੁਲਵੰਤ ਸਿੰਘ ਵਿਰਦੀ**)-ਅੱਜ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵਿਖੇ ਗੁਰਦੁਆਰਾ ਨਾਨਕਸਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਅਤੇ ਬਾਬਾ ਪਵਨਪ੍ਰੀਤ ਸਿੰਘ ਕਰੋਲ ਕਾ ਟਿੱਬਾ ਹਿਮਾਚਲ ਪ੍ਰਦੇਸ਼ ਵਾਲਿਆਂ ਵੱਲੋਂ ਸੰਗਤਾਂ ਦੇ ਸਹਿਯੋਗ ਸਦਕਾ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪਾਵਨ ਅਵਤਾਰ ਦਿਹਾੜੇ ਨੂੰ ਸਮਰਪਿਤ ਦਸਵਾਂ ਮਹਾਨ ਗੁਰਮਤਿ ਸਮਾਗਮ ਆਰੰਭ ਕੀਤਾ ਗਿਆ ਅਵਤਾਰ ਪੁਰਬ ਨੂੰ ਸਮਰਪਿਤ ਛੇ ਸੰਪੂਰਨ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਉਪਰੰਤ ਫੁੱਲੀ ਅੱਖਾਂ ਦਾ ਕੈਂਪ ਲਗਾਇਆ ਗਿਆ ਅਤੇ ਡਾ: ਸ਼ੇਖੀਨ ਸਿੰਘ ਅੰਮ੍ਰਿਤਸਰ ਸਾਹਿਬ ਵਾਲਿਆਂ ਵੱਲੋਂ ਚੈਕਅੱਪ ਅੱਖਾਂ ਦਾ ਚੈਕਅੱਪ ਕਰਕੇ ਮਰੀਜਾਂ ਨੂੰ ਫ੍ਰੀ ਐਨਕਾਂ ਦਿਤੀਆਂ ਗਈਆਂ ਅਤੇ ਪੰਦਰਾਂ ਤੋਂ ਉਪਰ ਮਰੀਜਾਂ ਦੇ ਫ੍ਰੀ ਅਪ੍ਰੇਸ਼ਨ ਕਰਨ ਲਈ ਸਮਾਂ ਦਿੱਤਾ ਗਿਆ ਅਤੇ ਭੋਗ ਤੋਂ ਉਪਰੰਤ ਖੁੱਲੇ ਪੰਡਾਲ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਧਾਰਮਿਕ ਦੀਵਾਨ ਸਜਾਏ ਅਤੇ ਤਿੰਨ ਲੋੜਵੰਦ ਪ੍ਰੀਵਾਰਾਂ ਦੀਆਂ ਬੇਟੀਆਂ ਦੇ ਸੁਭ ਆਨੰਦ ਕਾਰਜ ਗੁਰਮਤਿ ਮਰਿਆਦਾ ਅਨੁਸਾਰ ਕਰਵਾਏ ਗਏ ਜਿਸ ਵਿੱਚ ਵੱਖ ਵੱਖ ਗੁਰੂ ਘਰ ਦੇ ਕੀਰਤਨੀ ਜਥਿਆਂ ਵੱਲੋਂ ਹਾਜਰੀ ਭਰੀ ਗਈ ਅਤੇ ਉਪਰੰਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਹਜੂਰੀ ਰਾਗੀ ਭਾਈ ਬਲਰਾਜ ਸਿੰਘ, ਭਾਈ ਜਸਕਰਨ ਸਿੰਘ, ਭਾਈ ਨੀਰਜ ਸਿੰਘ ਵੱਲੋਂ ਆਨੰਦ ਕਾਰਜ ਮੌਕੇ ਚਾਰ ਲਾਵਾਂ ਦੇ ਸਬਦ ਸਰਵਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਆਈਆਂ ਬਰਾਤਾਂ ਨੂੰ ਕੌਫੀ ,ਮਠਿਆਈ ਵੱਖ-ਵੱਖ ਤਰ੍ਹਾਂ ਦੇ ਪਕੌੜਿਆਂ ਦੇ ਲੰਗਰ ਛਕਾਏ ਗਏ ਅਤੇ ਆਨੰਦ ਕਾਰਜ ਤੋਂ ਉਪਰੰਤ ਸੰਗਤਾਂ ਨੂੰ ਗੁਰੂ ਸਾਹਿਬ ਜੀ ਦਾ ਅਤੁੱਟ ਲੰਗਰ ਛਕਾਇਆ ਗਿਆ ਅਤੇ ਵਿਆਹੀਆਂ ਜੋੜੀਆਂ ਨੂੰ ਬਾਬਾ ਬਿਬੇਕ ਸਿੰਘ, ਬਾਬਾ ਪਵਨਪ੍ਰੀਤ ਸਿੰਘ, ਵੱਲੋਂ ਅਸੀਸ ਬਖਸਦਿਆਂ ਹੋਇਆ ਘਰੇਲੂ ਲੋੜਵੰਦ ਸਮਾਨ ਮੰਡਰਨ ਡਬਲ ਬੈਡ,ਵਾਸ਼ਿੰਗ ਮਸ਼ੀਨ, ਕੁਰਸੀਆਂ ਮੇਜ, ਬਰਤਨ,ਕਪੜੇ ਆਦਿ ਸਮਾਨ ਦੇ ਕਿ ਨਿਵਾਜਿਆ ਗਿਆ !ਇਸ ਮੌਕੇ ਬਾਬਾ ਬਿਬੇਕ ਸਿੰਘ ਨੇ ਵਿਸੇਸ ਤੌਰ ਤੇ ਸੰਗਤਾਂ ਜੀ ਆਇਆ ਆਖਿਆ ਅਤੇ ਧੰਨਵਾਦ ਕਰਦਿਆ ਹੋਇਆ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਸ ਵਾਰ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ ਨਗਰ ਕੀਰਤਨ 23 ਨਵੰਬਰ ਦਿਨ ਸੋਮਵਾਰ ਨੂੰ ਸਜਾਇਆ ਜਾਵੇਗਾ ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਹੈ ਕਿ ਨਗਰ ਕੀਰਤਨ ਵਿੱਚ ਸਾਮਲ ਹੋ ਕਿ ਹਾਜਰੀਆਂ ਭਰ ਕਿ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰੋ ! ਇਨਾਂ ਕਾਰਜਾਂ ਵਿੱਚ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਵੱਲੋਂ ਮਾਇਆ ਦੀ ਸੇਵਾ ਭੇਜ ਕਿ ਹਾਜਰੀ ਲਗਵਾਈ ਇਸ ਮੌਕੇ ਭਾਈ ਅਮਨਦੀਪ ਸਿੰਘ ਡੱਡੂਆਣਾ, ਦਿਲਸ਼ੇਰ ਸਿੰਘ, ਮੰਗਲ ਸਿੰਘ, ਬਿਕਰਮਜੀਤ ਸਿੰਘ ਕੋਟਲਾ, ਅਮਰੀਕ ਸਿੰਘ ਬਿੱਟਾ, ਸੁਖਜਿੰਦਰ ਸਿੰਘ ਨਿਜਾਮਪੁਰ, ਰਣਜੀਤ ਸਿੰਘ, ਬਾਬਾ ਮਨੋਜ ਸਿੰਘ, ਪ੍ਰਤਾਪ ਸਿੰਘ, ਵਰਿੰਦਰ ਸਿੰਘ ਪਟਵਾਰੀ,ਮਨਿੰਦਰ ਸਿੰਘ ਹਨੀ,ਮਨਿੰਦਰ ਸਿੰਘ ਖਾਲਸਾ ਸਟੋਰ, ਕਵਲਜੀਤ ਸਿੰਘ ਬੰਟੀ, ਦਵਿੰਦਰ ਸਿੰਘ, ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਆਦਿ ਵੱਲੋਂ ਹਾਜਰੀ ਭਰੀ ਗਈ !

ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ ਨਗਰ ਕੀਰਤਨ 23 ਨਵੰਬਰ ਦਿਨ ਸੋਮਵਾਰ ਨੂੰ : ਬਾਬਾ ਬਿਬੇਕ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਪੰਜਾਬ ਜਥੇਬੰਦੀ ਵੱਲੋਂ

ਵਿੱਤ ਮੰਤਰੀ ਪੰਜਾਬ ਨਾਲ ਹੋਈ ਮੀਟਿੰਗ



ਜੰਡਿਆਲਾ ਗੁਰੂ/ਚੰਡੀਗੜ੍ਹ 19 ਨਵੰਬਰ (**ਕੁਲਵੰਤ ਸਿੰਘ ਵਿਰਦੀ**)-ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਪੰਜਾਬ ਜਥੇਬੰਦੀ ਵੱਲੋਂ ਮਾਣਯੋਗ ਵਿੱਤ ਮੰਤਰੀ ਪੰਜਾਬ ਨਾਲ ਚੰਡੀਗੜ੍ਹ ਵਿਖੇ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸਿਹਤ ਵਿਭਾਗ ਦੇ ਸਮੂਹ ਆਊਟਸੋਰਸ ਕੱਚੇ ਕਾਮਿਆਂ ਨੂੰ ਪੱਕੇ ਕਰਨ, ਬਿੱਲ 2026 ਅਧੀਨ ਕਵਰ ਹੁੰਦੇ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਜਾਰੀ ਕਰਨ, 5 ਸਾਲ ਸੇਵਾਕਾਲ ਤੋਂ ਘੱਟ ਵਾਲੇ ਮੁਲਾਜ਼ਮਾਂ ਨੂੰ ਵਿਭਾਗ ਅਧੀਨ ਲੈਣ ਦਾ ਪੱਤਰ ਜਾਰੀ ਕਰਨ, ਡੀ.ਡੀ.ਆਰ.ਐੱਸ, ਨੈਸ਼ਨਲ ਹੈਲਥ ਮਿਸ਼ਨ (ਪੈਸਕੋ), ਸੈਨੀਟੇਸ਼ਨ (ਸਫ਼ਾਈ ਸੇਵਕ) , ਪੀ.ਐੱਚ.ਐੱਸ.ਸੀ, ਬਾਬਾ ਫਰੀਦ ਯੂਨੀਵਰਸਿਟੀ ਅਧੀਨ ਆਊਟਸੋਰਸ ਕਾਮੇ, ਸਟੇਟ ਹੈਲਥ ਏਜੰਸੀ (ਅਰੋਗਿਆ ਮਿੱਤਰਾ) , ਡਰਾਇਵਰ ਅਤੇ ਬਾਕੀ ਰਹਿੰਦੇ ਕੱਚੇ ਕਾਮਿਆਂ ਨੂੰ ਵਿਭਾਗ ਅਧੀਨ ਲੈਕੇ ਪੱਕਾ ਕਰਨ, ਬਰਾਬਰ ਕੰਮ ਬਰਾਬਰ ਤਨਖ਼ਾਹ ਲਾਗੂ ਕਰਨ, ਆਊਟਸੋਰਸ ਮੁਲਾਜ਼ਮਾਂ ਦਾ ਪੀ.ਐੱਚ.ਐੱਸ.ਸੀ ਵੱਲੋਂ ਬੰਦ ਕੀਤਾ 8.33% ਬੋਨਸ ਬਹਾਲ ਕਰਕੇ ਤੁਰੰਤ ਜਾਰੀ ਕਰਨ ਸਬੰਧੀ, ਅਤੇ ਵੱਖ-ਵੱਖ ਸਿਵਲ ਹਸਪਤਾਲਾਂ ਵਿੱਚ ਪ੍ਰਵਾਨਗੀਆਂ ਜਾਰੀ ਕਰਨ ਸਬੰਧੀ ਲੰਮੀ ਵਿਚਾਰ ਚਰਚਾ ਤੋਂ ਬਾਅਦ ਵਿੱਤ ਮੰਤਰੀ ਜੀ ਵੱਲੋਂ ਵਿਭਾਗ ਨੂੰ ਸਖ਼ਤ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਪ੍ਰਸ਼ਾਸਕੀ ਪ੍ਰਕਿਰਿਆਂ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਸਮੂਹ ਆਊਟਸੋਰਸ ਕਾਮਿਆਂ ਦਾ ਡਾਟਾ ਇੱਕ ਹਫ਼ਤੇ ਦੇ ਅੰਦਰ-ਅੰਦਰ ਇਕੱਠਾ ਕਰਕੇ ਸਥਿਤੀ ਰਿਪੋਰਟ ਪੇਸ਼ ਹੋਣ ਦੇ ਤੁਰੰਤ ਬਾਅਦ ਜਥੇਬੰਦੀ ਨਾਲ ਫ਼ਿਰ ਕੈਬਨਿਟ ਸਬ-ਕਮੇਟੀ ਵੱਲੋਂ ਮੀਟਿੰਗ ਕੀਤੀ ਜਾਵੇਗੀ। ਜਥੇਬੰਦੀ ਨੇ ਫ਼ੈਸਲਾ ਕੀਤਾ ਕਿ ਅਗਰ ਇਸ ਮੀਟਿੰਗ ਵਿੱਚ ਮੁਲਾਜ਼ਮਾਂ ਦੇ ਮਸਲੇ ਲਿਖ਼ਤੀ ਤੌਰ ਉੱਪਰ ਹੱਲ ਨਹੀਂ ਕੀਤੇ ਗਏ ਤਾਂ ਜਥੇਬੰਦੀ ਵੱਲੋਂ 01 ਦਸੰਬਰ ਨੂੰ ਸਿਹਤ ਮੰਤਰੀ ਪੰਜਾਬ ਦੀ ਕੋਠੀ ਅੱਗੇ ਉਲੀਕੇ ਪੱਕੇ ਮੋਰਚੇ ਦੇ ਪ੍ਰੋਗਰਾਮ ਨੂੰ ਲਾਗੂ ਕੀਤਾ ਜਾਵੇਗਾ ਇਸ ਮੌਕੇ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਔਲਖ, ਸੂਬਾ ਜਨਰਲ ਸਕੱਤਰ ਹਰਮਨਦੀਪ ਸਿੰਘ ਸਿੱਧੂ, ਸੂਬਾ ਮੀਤ ਪ੍ਰਧਾਨ ਕਰਨਬੀਰ ਸਿੰਘ ਜੌਹਲ , ਸੂਬਾ ਜਥੇਬੰਦਕ ਸਕੱਤਰ ਹਰਪਾਲ ਸਿੰਘ ਪਟਿਆਲਾ ਅਤੇ ਬਲਜਿੰਦਰ ਸਿੰਘ ਸ੍ਰੀ ਫ਼ਤਹਿਗੜ੍ਹ ਸਾਹਿਬ, ਸੂਬਾ ਵਿੱਤ ਸਕੱਤਰ ਨਾਜਰ ਸਿੰਘ ਮਾਨਸਾ ਆਦਿ ਸਾਥੀ ਸ਼ਾਮਿਲ ਰਹੇ।

ਸਿਹਤ ਵਿਭਾਗ ਦੇ ਸਮੂਹ ਕੱਚੇ ਕਾਮਿਆਂ ਨੂੰ ਪੱਕੇ ਨਾ ਕਰਨ ਦੇ ਰੋਸ ਵਜੋਂ ਸੰਘਰਸ਼ ਤੇਜ਼ ਕਰਨ ਦੀ ਤਿਆਰੀ

ਆਵਾਜ਼ਿ ਕੌਮ AWAZE QAUM International Newspaper & WEB TV

ਜੰਡਿਆਲਾ ਗੁਰੂ ਵਿੱਚ ਪਿੱਤਲ ਤਾਂਬੇ ਦੇ ਹੱਥ ਨਾਲ ਬਰਤਨ ਤਿਆਰ ਕਰਨ ਵਾਲੀ ਮਾਰਕੀਟ 'ਚ ਅੱਜਕਲ੍ਹ ਸੁੰਨਸਾਨ ਛਾਈ ਹੋਈ-ਵਰਿੰਦਰ ਸਿੰਘ ਮਲਹੋਤਰਾ

ਮਹਿੰਗੇ ਭਾਅ ਖਰੀਦਿਆ ਮਾਲ ਘੱਟ ਰੇਟ 'ਤੇ ਵੇਚਣਾ ਪੈ ਰਿਹਾ ਅਤੇ ਵਪਾਰੀਆਂ ਨੂੰ ਹਜ਼ਾਰਾਂ ਰੁਪਏ ਦਾ ਨੁਕਸਾਨ ਝੱਲਣਾ ਪੈ ਰਿਹਾ



ਜੰਡਿਆਲਾ ਗੁਰੂ 19 ਨਵੰਬਰ (ਕੁਲਵੰਤ ਸਿੰਘ ਵਿਰਦੀ) - ਏਸ਼ੀਆ ਵਿੱਚ ਪ੍ਰਸਿੱਧ ਪਿੱਤਲ ਤਾਂਬੇ ਦੇ ਹੱਥ ਨਾਲ ਬਰਤਨ ਤਿਆਰ ਕਰਨ ਵਾਲੀ ਮੰਡੀ ਜੰਡਿਆਲਾ ਗੁਰੂ ਦੀ ਮਾਰਕੀਟ 'ਚ ਅੱਜਕਲ੍ਹ ਸੁੰਨਸਾਨ ਛਾਈ ਹੋਈ ਹੈ। ਜੰਡਿਆਲਾ ਗੁਰੂ ਮੰਡੀ ਵਿੱਚ ਪਿੱਤਲ ਤਾਂਬੇ ਦੀ ਕਾਫੀ ਜਿਆਦਾ ਖਪਤ ਹੁੰਦੀ ਹੈ । ਪਿਛਲੇ ਕੁਝ ਦਿਨਾਂ ਤੋਂ ਪਿੱਤਲ ਅਤੇ ਤਾਂਬੇ ਦੀ ਸਕਰੈਪ ਦੇ ਰੇਟਾਂ 'ਚ ਭਾਰੀ ਗਿਰਾਵਟ ਆਉਣ ਕਾਰਨ ਸਕਰੈਪ ਅਤੇ ਬਰਤਨਾਂ ਦਾ ਕੰਮ ਕਰਨ ਵਾਲੇ ਵਪਾਰੀਆਂ ਤੇ ਮਜ਼ਦੂਰਾਂ 'ਚ ਭਾਰੀ ਬੇਚੈਨੀ ਪਾਈ ਜਾ ਰਹੀ ਹੈ। ਰੋਜਾਨਾ ਲਗਾਤਾਰ ਘੱਟ ਰਹੇ ਰੇਟਾਂ ਵਿੱਚ ਖਬਰ ਲਿਖੇ ਜਾਣ ਤੱਕ ਤਾਂਬੇ ਦੀ ਸਕਰੈਪ ਦੇ ਰੇਟ ਪਿਛਲੇ 10 ਦਿਨਾਂ ਵਿਚ ਕਰੀਬ 170 ਰੁਪਏ ਕਿਲੋ ਅਤੇ ਪਿੱਤਲ ਦੇ ਕਰੀਬ 100 ਰੁਪਏ ਘੱਟ ਗਏ ਹਨ । ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਬਰਤਨ ਬਾਜ਼ਾਰ ਯੂਨੀਅਨ ਤੋਂ ਇਲਾਵਾ ਵੱਖ ਵੱਖ ਵਪਾਰੀਆਂ ਬ੍ਰਿਜ ਲਾਲ, ਗੀਸ਼ੂ , ਹੀਰਾ ਲਾਲ, ਕਰਨ, ਇੰਦਰਜੀਤ, ਰਘਬੀਰ ਸਿੰਘ, ਪਰਮਦੀਪ ਸਿੰਘ, ਗੁਰਪ੍ਰੀਤ ਸਿੰਘ, ਪਰਮਜੀਤ ਸਿੰਘ , ਰਕੇਸ਼ , ਰਿਕੀ, ਰਾਜੂ , ਮਦਨ, ਸੁਭਾਸ਼ ਕੁਮਾਰ, ਆਸ਼ੂ, ਅਸ਼ਵਨੀ, ਸਾਗਰ ਆਦਿ ਨੇ ਦਸਿਆ ਕਿ ਜਿਹੜਾ ਮਾਲ ਪਹਿਲਾਂ ਮਹਿੰਗੇ ਭਾਅ ਖਰੀਦਿਆ ਸੀ, ਅੱਜ ਉਹੀ ਮਾਲ ਘੱਟ ਰੇਟ 'ਤੇ ਵੇਚਣਾ ਪੈ ਰਿਹਾ ਹੈ। ਜਿਸ ਕਾਰਨ ਵਪਾਰੀਆਂ ਨੂੰ ਹਜ਼ਾਰਾਂ ਰੁਪਏ ਦਾ ਨੁਕਸਾਨ ਝੱਲਣਾ ਪੈ ਰਿਹਾ ਹੈ ਵਪਾਰੀਆਂ ਦਾ ਕਹਿਣਾ ਹੈ ਕਿ ਰੇਟ ਡਿੱਗਣ ਨਾਲ ਮਾਰਕੀਟ 'ਚ ਕੰਮ ਲਗਭਗ ਠੱਪ ਹੋ ਗਿਆ ਹੈ। ਨਾ ਕੋਈ ਖਰੀਦ ਰਿਹਾ ਹੈ, ਨਾ ਕੋਈ ਵੇਚ ਰਿਹਾ ਹੈ। ਸਾਰੇ ਹੀ ਰੇਟ ਵਧਣ ਦੀ ਉਡੀਕ 'ਚ ਬੈਠੇ ਹਨ। ਇਸ ਨਾਲ ਮਜ਼ਦੂਰ ਵਰਗ ਆਟੇ ਵਾਲੇ ਆਦਿ ਸਭ ਤੋਂ ਜ਼ਿਆਦਾ ਪ੍ਰੇਸ਼ਾਨ ਹਨ ਜੋ ਕਿ ਪਹਿਲਾਂ ਬਾਹਰੋਂ ਮੰਡੀਆਂ ਵਿੱਚੋਂ ਸਕਰੈਪ ਇਕੱਠੀ ਕਰਕੇ ਜੰਡਿਆਲਾ ਜਾਂ ਫਿਰ ਅੰਮ੍ਰਿਤਸਰ ਵੇਚਦੇ ਸਨ , ਇਸ ਕਰਕੇ ਕੰਮ ਬੰਦ ਹੋਣ ਨਾਲ ਉਨ੍ਹਾਂ ਦੀ ਰੋਜ਼ੀ-ਰੋਟੀ 'ਤੇ ਸਿੱਧਾ ਅਸਰ ਪੈ ਰਿਹਾ ਹੈ। ਹੱਥ ਨਾਲ ਬਰਤਨ ਤਿਆਰ ਕਰਨ ਵਾਲੇ ਕਾਰੀਗਰਾਂ ਨੂੰ ਵੀ ਮਾਲਕਾਂ ਕੋਲੋਂ ਮਾਲ ਨਹੀਂ ਮਿਲ ਰਿਹਾ । ਹੁਣ ਸਭ ਦੀ ਨਜ਼ਰ ਬਾਜ਼ਾਰ 'ਤੇ ਟਿਕੀ ਹੋਈ ਹੈ ਕਿ ਕਦੋਂ ਰੇਟ ਫਿਰ ਤੋਂ ਸੰਭਲਣਗੇ ਅਤੇ ਕੰਮਕਾਰ ਦੀ ਰਫ਼ਤਾਰ ਵਾਪਿਸ ਆਵੇਗੀ ।

ਆਵਾਜ਼ਿ ਕੌਮ AWAZE QAUM International Newspaper & WEB TV

ਸੰਤ ਬਾਬਾ ਗੁਰਬਖ਼ਸ ਸਿੰਘ ਖ਼ਾਲਸਾ ਅਕੈਡਮੀ, ਜੱਬੋਵਾਲ ਦੇ ਵਿਦਿਆਰਥੀਆ ਨੇ ਧਾਰਮਿਕ ਵਿੱਦਿਅਕ ਮੁਕਾਬਲਿਆਂ ਵਿੱਚ ਮਾਰੀਆਂ ਮੱਲਾਂ

ਖਾਲਸਾ ਅਕੈਡਮੀ ਨੇ ਥੋੜ੍ਹੇ ਸਮੇਂ ਵਿੱਚ ਕੀਤੀਆ ਵੱਡੀਆਂ ਪ੍ਰਾਪਤੀਆਂ



ਜੰਡਿਆਲਾ ਗੁਰੂ 19 ਨਵੰਬਰ (ਕੁਲਵੰਤ ਸਿੰਘ ਵਿਰਦੀ) ਖ਼ਾਲਸਾ ਅਕੈਡਮੀ ਦੇ ਮੁਖੀ ਭਾਈ ਮਲਕੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਯੂਅਰ ਸੇਵਾ ਸੰਸਥਾ ਯੂ ਕੇ (YOUR SEVA U.K.) ਵੱਲੋਂ ਚਲਾਏ ਜਾ ਰਹੇ ਵਿੱਦਿਅਕ ਅਦਾਰੇ ਸੰਤ ਬਾਬਾ ਗੁਰਬਖ਼ਸ਼ ਸਿੰਘ ਜੀ ਖਾਲਸਾ ਅਕੈਡਮੀ (ਜੱਬੋਵਾਲ) ਦੇ ਵਿਦਿਆਰਥੀਆਂ ਨੇ ਪਿਛਲੇ ਦਿਨੀਂ 13-14 ਨਵੰਬਰ ਨੂੰ ਨਗਰ ਵਡਾਲਾ ਗ੍ਰੰਥੀਆਂ, ਜ਼ਿਲ੍ਹਾ ਗੁਰਦਾਸਪੁਰ ਵਿਖੇ ਦਮਦਮੀ ਟਕਸਾਲ ਰਣਜੀਤ ਅਖਾੜਾ ਗੁਰਮਤਿ ਵਿਦਿਆਲਾ ਅਤੇ ਸੰਗੀਤ ਅਕੈਡਮੀ (ਰਜਿ.) ਵੱਲੋਂ ਕਰਵਾਏ ਗਏ ਸਾਲਾਨਾ ਧਾਰਮਿਕ ਵਿੱਦਿਅਕ ਮੁਕਾਬਲਿਆਂ ਵਿੱਚ ਭਾਗ ਲਿਆ। ਜਿਸ ਵਿੱਚ ਗੁਰਬਾਣੀ ਕੰਠ, ਰਾਗ ਆਧਾਰਿਤ ਕੀਰਤਨ, ਕਵਿਤਾ, ਕਵੀਸ਼ਰੀ, ਸੁੰਦਰ ਦਸਤਾਰ ਅਤੇ ਚਾਰਟ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਖ਼ਾਲਸਾ ਅਕੈਡਮੀ ਵੱਲੋਂ ਗੁਰਬਾਣੀ ਕੰਠ (ਸੀਨੀਅਰ) ਵਿੱਚ ਸੁਖਵਿੰਦਰ ਕੌਰ ਪਹਿਲਾ ਸਥਾਨ, ਹਰਜੋਤ ਸਿੰਘ ਦੂਸਰਾ ਸਥਾਨ, ਅੰਸ਼ਪ੍ਰੀਤ ਸਿੰਘ ਤੇ ਰਾਜਦੀਪ ਸਿੰਘ ਤੀਸਰਾ ਸਥਾਨ ਅਤੇ ਗੁਰਬਾਣੀ ਕੰਠ (ਜੂਨੀਅਰ) ਸੁਖਪ੍ਰੀਤ ਸਿੰਘ ਪਹਿਲਾ ਸਥਾਨ, ਮਨਜੋਤ ਸਿੰਘ, ਸੁਮਨਪ੍ਰੀਤ ਕੌਰ ਦੂਸਰਾ ਸਥਾਨ, ਰਣਦੀਪ ਸਿੰਘ, ਸਿਕਸ਼ਾਪ੍ਰੀਤ ਕੌਰ ਤੇ ਸਹਿਜਪ੍ਰੀਤ ਕੌਰ ਤੀਸਰਾ ਸਥਾਨ ਪ੍ਰਾਪਤ ਕੀਤਾ। ਕੀਰਤਨ ਸੋਲੋ (ਸੀਨੀਅਰ) ਵਿੱਚ ਗੁਰਮੁਖ ਸਿੰਘ, ਏਕਮਜੋਤ ਸਿੰਘ ਤੀਸਰਾ ਸਥਾਨ ਅਤੇ ਕੀਰਤਨ ਗਰੁੱਪ (ਜੂਨੀਅਰ) ਵਿੱਚ ਮਨਜੋਤ ਸਿੰਘ, ਹਰਗੁਣ ਸਿੰਘ ਤੇ ਅਭੀਜੋਤ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਸੁੰਦਰ ਦਸਤਾਰ ਮੁਕਾਬਲੇ ਵਿੱਚ ਅਸ਼ਮਨਪ੍ਰੀਤ ਕੌਰ, ਸੁਖਰਾਜ ਕੌਰ ਦੂਸਰਾ ਸਥਾਨ, ਗੁਰਨੂਰ ਸਿੰਘ ਤੇ ਨਵਦੀਪ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਚਾਰਟ ਮੁਕਾਬਲੇ ਵਿੱਚ ਪ੍ਰਭਜੋਤ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਬੱਚਿਆਂ ਨੂੰ ਅਕੈਡਮੀ ਵਿੱਚ ਪੁੱਜਣ ਤੇ ਮੁੱਖ ਸੰਚਾਲਕ ਭਾਈ ਮਲਕੀਤ ਸਿੰਘ ਜੀ, ਉਸਤਾਦ ਸਹਿਬਾਨ ਭਾਈ ਵੀਰ ਸਿੰਘ ਭਾਈ ਤੇਜਬੀਰ ਸਿੰਘ, ਭਾਈ ਅਮਰੀਕ ਸਿੰਘ, ਭਾਈ ਮਨਦੀਪ ਸਿੰਘ, ਪ੍ਰਿੰਸੀਪਲ ਸੁਰਿੰਦਰਜੀਤ ਸਿੰਘ, ਸੁਪਰਡੈਂਟ ਗੁਰਪਿੰਦਰ ਸਿੰਘ ਅਤੇ ਸਮੂਹ ਸਟਾਫ਼ ਵੱਲੋਂ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਅਕੈਡਮੀ ਦੇ ਉੱਜਲੇ ਭਵਿੱਖ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਇਸ ਖ਼ੁਸ਼ੀ ਦੇ ਮੌਕੇ ਤੇ ਸੁਪਰਵਾਈਜ਼ਰ ਭਾਈ ਮਨਜੀਤ ਸਿੰਘ, ਭਾਈ ਸਤਵੰਤ ਸਿੰਘ, ਡਾਕਟਰ ਭਾਈ ਹਰਜੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਨਿਸ਼ਾਨ ਸਿੰਘ, ਭਾਈ ਬੂਟਾ ਸਿੰਘ, ਭਾਈ ਹੁਸਨਪ੍ਰੀਤ ਸਿੰਘ, ਭਾਈ ਅਰਜਨ ਸਿੰਘ ਅਤੇ ਭਾਈ ਅਮਨਦੀਪ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਅਮਰੀਕੀ ਅਦਾਲਤ ਦਾ ਵੱਡਾ ਹੁਕਮ !

ਪੰਨੂੰ ਕਤਲ ਸਾਜ਼ਿਸ਼ ਮਾਮਲੇ 'ਚ ਡੋਵਾਲ ਤੇ ਗੋਇਲ ਦੀਆਂ ਕਾਨੂੰਨੀ ਮੁਸ਼ਕਲਾਂ ਵਧੀਆਂ

ਦਿੱਲੀ ਦੀਆਂ ਤਿੰਨ ਅਦਾਲਤਾਂ ਰਾਹੀਂ ਭੇਜੇ ਜਾਣਗੇ ਸੰਮਨ, ਤਾਮੀਲ ਦੀ ਕਾਰਵਾਈ ਦਾ ਲਿਖਤੀ ਰਿਕਾਰਡ ਵੀ ਨਿਊਯਾਰਕ ਮੰਗਵਾਇਆ

ਲੰਡਨ/ਨਿਊਯਾਰਕ, 19 ਨਵੰਬਰ (ਸਰਬਜੀਤ ਸਿੰਘ ਬਨੂੜ)- ਅਮਰੀਕਾ ਵਿੱਚ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਅਤੇ ਖ਼ਾਲਿਸਤਾਨੀ ਆਗੂ ਗੁਰਪਤਵੰਤ ਸਿੰਘ ਪੰਨੂੰ ਦੇ ਕਤਲ ਦੀ ਕਥਿਤ ਸਾਜ਼ਿਸ਼ ਨਾਲ ਸਬੰਧਤ ਸਿਵਲ ਮੁਕੱਦਮੇ ਵਿੱਚ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਖ਼ੁਫ਼ੀਆ ਏਜੰਸੀ 'ਰਾਅ' ਦੇ ਸਾਬਕਾ ਮੁਖੀ ਸਮੰਤ ਗੋਇਲ ਲਈ ਕਾਨੂੰਨੀ ਚੁਣੌਤੀਆਂ ਵਧਦੀਆਂ ਨਜ਼ਰ ਆ ਰਹੀਆਂ ਹਨ। ਨਿਊਯਾਰਕ ਦੀ ਸੰਘੀ ਅਦਾਲਤ ਨੇ ਇੱਕ ਅਹਿਮ



ਹੁਕਮ ਜਾਰੀ ਕਰਦਿਆਂ ਦੋਵਾਂ ਨੂੰ ਅਦਾਲਤੀ ਸੰਮਨ ਪਹੁੰਚਾਉਣ ਲਈ ਦਿੱਲੀ ਦੀਆਂ ਤਿੰਨ ਜ਼ਿਲ੍ਹਾ ਅਦਾਲਤਾਂ ਦੀ ਮਦਦ ਲੈਣ ਦਾ ਰਾਹ ਖੋਲ੍ਹ ਦਿੱਤਾ ਹੈ।

ਅਮਰੀਕਾ ਦੀ ਦੱਖਣੀ ਨਿਊਯਾਰਕ ਜ਼ਿਲ੍ਹਾ ਅਦਾਲਤ ਦੀ ਜੱਜ ਕੈਥਰੀਨ ਪੋਲਕ ਫੈਇਲਾ ਵੱਲੋਂ ਜਾਰੀ ਤਿੰਨ ਸਫ਼ਿਆਂ ਦੇ ਹੁਕਮ ਵਿੱਚ ਅਦਾਲਤ ਨੇ ਸੰਮਨ ਅਤੇ ਸਬੰਧਤ ਕਾਨੂੰਨੀ ਦਸਤਾਵੇਜ਼ ਭਾਰਤੀ ਅਦਾਲਤਾਂ ਨੂੰ ਅੰਤਰਰਾਸ਼ਟਰੀ ਡਾਕ ਜਾਂ ਕੋਰੀਅਰ ਰਾਹੀਂ ਭੇਜਣ ਦੇ ਨਿਰਦੇਸ਼ ਦਿੱਤੇ ਗਏ ਹਨ।

ਹੁਕਮ ਅਨੁਸਾਰ ਅਜੀਤ ਡੋਵਾਲ ਨਾਲ ਸਬੰਧਤ ਸੰਮਨ ਨਵੀਂ ਦਿੱਲੀ ਦੀ ਪਟਿਆਲਾ ਹਾਊਸ ਜ਼ਿਲ੍ਹਾ ਅਦਾਲਤ ਨੂੰ ਭੇਜੇ ਜਾਣਗੇ, ਜਦਕਿ ਸਮੰਤ ਗੋਇਲ ਦੇ ਮਾਮਲੇ ਵਿੱਚ ਦਵਾਰਕਾ ਅਤੇ ਤੀਸ ਹਜ਼ਾਰੀ ਜ਼ਿਲ੍ਹਾ ਅਦਾਲਤਾਂ ਦੀ ਮਦਦ ਲਈ ਜਾਵੇਗੀ।

ਇਸ ਹੁਕਮ ਦੀ ਸਭ ਤੋਂ ਅਹਿਮ ਗੱਲ ਇਹ ਹੈ ਕਿ ਅਮਰੀਕੀ ਅਦਾਲਤ ਨੇ ਭਾਰਤੀ ਅਦਾਲਤਾਂ ਨੂੰ ਸੰਮਨ ਤਾਮੀਲ ਕਰਵਾਉਣ ਲਈ ਸਹਾਇਤਾ ਦੇਣ ਦੇ ਨਾਲ-ਨਾਲ ਕੀਤੀ ਗਈ ਕਾਰਵਾਈ ਦਾ ਲਿਖਤੀ ਰਿਕਾਰਡ ਵੀ ਨਿਊਯਾਰਕ ਦੀ ਅਦਾਲਤ ਨੂੰ ਵਾਪਸ ਭੇਜਣ ਦੀ ਰਸਮੀ ਬੇਨਤੀ ਕੀਤੀ ਹੈ। ਇਹ ਰਿਕਾਰਡ ਨਿਊਯਾਰਕ ਸਥਿਤ ਸੰਘੀ ਅਦਾਲਤ ਕੋਲ ਜਮ੍ਹਾਂ ਕਰਵਾਉਣ ਲਈ ਕਿਹਾ ਗਿਆ ਹੈ।

ਅਦਾਲਤੀ ਦਸਤਾਵੇਜ਼ਾਂ ਅਨੁਸਾਰ ਇਹ ਕਾਰਵਾਈ ਹੇਗ ਕਨਵੈਨਸ਼ਨ ਦੇ ਆਰਟੀਕਲ 19 ਅਤੇ ਭਾਰਤ ਦੇ ਸਿਵਲ ਪ੍ਰੋਸੀਜਰ ਕੋਡ 1908 ਦੀ ਧਾਰਾ 29(ਸੀ) ਅਤੇ ਆਰਡਰ 5 ਦੇ ਨਿਯਮ 21 ਦੇ ਆਧਾਰ 'ਤੇ ਕੀਤੀ ਜਾ ਰਹੀ ਹੈ। ਅਮਰੀਕੀ ਅਦਾਲਤ ਨੇ ਮੰਨਿਆ ਹੈ ਕਿ ਇਨ੍ਹਾਂ ਕਾਨੂੰਨੀ ਵਿਵਸਥਾਵਾਂ ਤਹਿਤ ਵਿਦੇਸ਼ੀ ਸਿਵਲ ਅਦਾਲਤਾਂ ਵੱਲੋਂ ਜਾਰੀ ਸੰਮਨ ਭਾਰਤੀ ਅਦਾਲਤਾਂ ਰਾਹੀਂ ਤਾਮੀਲ ਕਰਵਾਉਣ ਦੀ ਪ੍ਰਕਿਰਿਆ ਅਪਣਾਈ ਜਾ ਸਕਦੀ ਹੈ।

ਜ਼ਿਕਰਯੋਗ ਹੈ ਕਿ ਪੰਨੂੰ ਵੱਲੋਂ ਸਤੰਬਰ 2024 ਵਿੱਚ ਦਾਇਰ ਕੀਤੇ ਸਿਵਲ ਮੁਕੱਦਮੇ ਵਿੱਚ ਭਾਰਤ ਸਰਕਾਰ, ਅਜੀਤ ਡੋਵਾਲ, ਸਮੰਤ ਗੋਇਲ, ਵਿਕਰਮ ਯਾਦਵ ਅਤੇ ਨਿਖਿਲ ਗੁਪਤਾ ਸਮੇਤ ਹੋਰਾਂ ਨੂੰ ਧਿਰ ਬਣਾਇਆ ਗਿਆ ਸੀ। ਪੰਨੂੰ ਨੇ ਆਪਣੇ ਮੁਕੱਦਮੇ ਵਿੱਚ ਦੋਸ਼ ਲਾਇਆ ਹੈ ਕਿ ਅਮਰੀਕੀ ਧਰਤੀ 'ਤੇ ਉਸ ਦੀ ਹੱਤਿਆ ਕਰਵਾਉਣ ਦੀ ਕਥਿਤ ਸਾਜ਼ਿਸ਼ ਵਿੱਚ ਭਾਰਤੀ ਅਧਿਕਾਰੀਆਂ ਦੀ ਭੂਮਿਕਾ ਰਹੀ ਹੈ।

ਇਸ ਤੋਂ ਪਹਿਲਾਂ ਅਮਰੀਕੀ ਅਦਾਲਤ ਨੇ 9 ਨਵੰਬਰ ਨੂੰ ਭਾਰਤੀ ਅਦਾਲਤਾਂ ਰਾਹੀਂ ਸੰਮਨ ਤਾਮੀਲ ਕਰਵਾਉਣ ਦੀ ਇਜਾਜ਼ਤ ਦਿੱਤੀ ਸੀ। ਹੁਣ ਦੇ ਹੁਕਮ ਵਿੱਚ ਸੰਮਨ ਭੇਜਣ ਲਈ ਅਦਾਲਤਾਂ ਅਤੇ ਉਨ੍ਹਾਂ ਵੱਲੋਂ ਕੀਤੀ ਜਾਣ ਵਾਲੀ ਕਾਰਵਾਈ ਦਾ ਵੇਰਵਾ ਸਪੱਸ਼ਟ ਕੀਤਾ ਗਿਆ ਹੈ।

ਦੂਜੇ ਪਾਸੇ ਭਾਰਤੀ ਵਿਦੇਸ਼ ਮੰਤਰਾਲੇ ਨੇ ਪੰਨੂੰ ਵੱਲੋਂ ਲਾਏ ਗਏ ਦੋਸ਼ਾਂ ਨੂੰ ਮਨਘੜਤ ਅਤੇ ਬਦਨੀਤੀ ਨਾਲ ਪ੍ਰੇਰਿਤ ਕਰਾਰ ਦਿੰਦਿਆਂ ਮੁਕੱਦਮੇ ਨੂੰ ਬੇਬੁਨਿਆਦ ਦੱਸਿਆ ਹੈ। ਭਾਰਤ ਦਾ ਕਹਿਣਾ ਹੈ ਕਿ ਵਿਦੇਸ਼ੀ ਅਦਾਲਤਾਂ ਦੇ ਕਾਨੂੰਨੀ ਦਸਤਾਵੇਜ਼ਾਂ ਦੀ ਤਾਮੀਲ ਸਬੰਧੀ ਬੇਨਤੀਆਂ ਭਾਰਤ ਦੇ ਕਾਨੂੰਨ ਅਤੇ ਨਿਆਂ ਮੰਤਰਾਲੇ ਰਾਹੀਂ ਹੀ ਆਉਣੀਆਂ ਚਾਹੀਦੀਆਂ ਹਨ। ਪੰਨੂੰ ਦੇ ਸਿਵਲ ਮੁਕੱਦਮੇ ਵਿੱਚ ਅਮਰੀਕੀ ਅਤੇ ਭਾਰਤੀ ਅਦਾਲਤੀ ਪ੍ਰਣਾਲੀਆਂ ਵਿਚਕਾਰ ਇੱਕ ਨਵਾਂ ਕਾਨੂੰਨੀ ਪੜਾਅ ਸ਼ੁਰੂ ਹੋ ਗਿਆ ਹੈ। ਅਮਰੀਕੀ ਅਦਾਲਤ ਵੱਲੋਂ ਜਾਰੀ ਹੁਕਮ ਤੋਂ ਬਾਅਦ ਹੁਣ ਸਭ ਦੀਆਂ ਨਜ਼ਰਾਂ ਦਿੱਲੀ ਦੀਆਂ ਸਬੰਧਤ ਅਦਾਲਤਾਂ 'ਤੇ ਟਿਕੀਆਂ ਹਨ ਕਿ ਉਹ ਸੰਮਨਾਂ ਦੀ ਤਾਮੀਲ ਸਬੰਧੀ ਅਮਰੀਕੀ ਅਦਾਲਤ ਦੀ ਬੇਨਤੀ 'ਤੇ ਕੀ ਕਾਰਵਾਈ ਕਰਦੀਆਂ ਹਨ। ••

ਜਥੇਦਾਰ ਭਾਈ ਕੁਲਦੀਪ ਸਿੰਘ ਗੜਗੱਜ ਨੂੰ ਅਪੀਲ

ਰੋਮਾਂ ਦੀ ਬੇਅਦਬੀ ਕਰਨ ਵਾਲੀ ਬੀਬੀ ਜਗੀਰ ਕੌਰ ਨੂੰ ਸ਼੍ਰੋਮਣੀ ਕਮੇਟੀ ਦੀ ਮੈਂਬਰਸ਼ਿਪ ਤੋਂ ਫ਼ੌਰੀ ਬਰਖ਼ਾਸਤ ਕੀਤਾ ਜਾਵੇ — ਭਾਈ ਅਵਤਾਰ ਸਿੰਘ ਭਿਓਰਾ

ਅਵਤਾਰ ਸਿੰਘ ਭਿਓਰਾ ਨੇ ਜਾਰੀ ਕੀਤੇ ਆਪਣੇ ਬਿਆਨ ਵਿੱਚ ਕਿਹਾ ਹੈ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸੂਬੇ ਵਿੱਚ ਵੱਡੇ ਸਿਆਸੀ ਉਲਟਫੇਰ ਹੋ ਰਹੇ ਹਨ। ਐਮ.ਪੀ., ਐਮ.ਐਲ.ਏ. ਅਤੇ ਪਿੰਡਾਂ ਦੇ ਪੰਚ-ਸਰਪੰਚ ਆਪਣੇ ਸਿਆਸੀ ਭਵਿੱਖ ਨੂੰ ਵੇਖਦਿਆਂ ਆਪਣੀਆਂ ਪਾਰਟੀਆਂ ਛੱਡ ਕੇ ਦੂਜੀਆਂ ਪਾਰਟੀਆਂ



ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਅਕਾਲੀ ਦਲ ਬਾਦਲ ਨੂੰ ਗ.ਦਾਰਾਂ ਦੀ ਪਾਰਟੀ ਕਹਿ ਕੇ ਅਕਾਲੀ ਦਲ ਪੁਨਰ ਸੁਰਜੀਤ ਵਿੱਚ ਸ਼ਾਮਲ ਹੋਣ ਵਾਲੀ ਬੀਬੀ ਜਗੀਰ ਕੌਰ ਹੁਣ ਮੁੜ ਸੁਖਬੀਰ ਸਿੰਘ ਬਾਦਲ ਦੀ ਸ਼ਰਨ ਵਿੱਚ ਚਲੀ ਗਈ ਹੈ। ਭਾਈ ਭਿਓਰਾ ਅਨੁਸਾਰ, ਉਨ੍ਹਾਂ ਨੂੰ ਇਸ ਸਿਆਸੀ ਦਲ-ਬਦਲੀ 'ਤੇ ਕੋਈ ਇਤਰਾਜ਼ ਨਹੀਂ ਹੈ, ਪਰ ਜੇਕਰ ਬੀਬੀ ਜਗੀਰ ਕੌਰ ਨੂੰ ਮੁੜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਬਣਾਉਣ ਦੀ ਕੋਈ ਕੋਸ਼ਿਸ਼ ਕੀਤੀ ਗਈ, ਤਾਂ ਇਸ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ ਅਤੇ ਅਜਿਹਾ ਹਰਗਿਜ਼ ਨਹੀਂ ਹੋਣ ਦਿੱਤਾ ਜਾਵੇਗਾ।

ਵਿਚਾਰ ਆਪੋ-ਆਪਣਾ

ਭਾਈ ਭਿਓਰਾ ਨੇ ਅੱਗੇ ਕਿਹਾ ਕਿ ਅਸੀਂ ਇਸ ਗੱਲ ਦੇ ਗੁਨਾਹਗਾਰ ਹਾਂ ਕਿ ਪਹਿਲਾਂ ਜਦੋਂ ਬੀਬੀ ਜਗੀਰ ਕੌਰ ਨੂੰ ਸ਼੍ਰੋਮਣੀ ਕਮੇਟੀ ਦਾ ਪ੍ਰਧਾਨ ਬਣਾਇਆ ਗਿਆ ਸੀ, ਉਦੋਂ ਅਸੀਂ ਵਿਰੋਧ ਨਹੀਂ ਕੀਤਾ। ਪਰ ਹੁਣ ਅਸੀਂ ਇਹ ਭੁੱਲ ਮੁੜ ਨਹੀਂ ਦੁਹਰਾਵਾਂਗੇ। ਉਨ੍ਹਾਂ ਦੋਸ਼ ਲਾਇਆ ਕਿ ਰੋਮਾਂ ਦੀ ਬੇਅਦਬੀ ਕਰਨ ਦੇ ਬਾਵਜੂਦ ਉੱਤੋਂ ਦੀ ਕਿਰਪਾਨ ਪਹਿਨ ਕੇ ਪਾਖੰਡ ਕਰਨ ਵਾਲੀ ਇਸ ਬੀਬੀ ਨੂੰ ਕੋਈ ਵੀ ਗੁਰੂ ਨਾਨਕ ਨਾਮ ਲੇਵਾ ਸਿੱਖ, ਸਿੱਖਾਂ ਦੀ ਮਿੰਨੀ ਪਾਰਲੀਮੈਂਟ ਕਹੀ ਜਾਣ ਵਾਲੀ ਸਿਰਮੌਰ ਧਾਰਮਿਕ ਜਥੇਬੰਦੀ ਦੀ ਪ੍ਰਧਾਨ ਵਜੋਂ ਨਹੀਂ ਵੇਖਣਾ ਚਾਹੇਗਾ।

ਉਨ੍ਹਾਂ ਸਵਾਲ ਉਠਾਇਆ ਕਿ ਜੇਕਰ ਅਜਿਹਾ ਹੁੰਦਾ ਹੈ ਤਾਂ ਕੱਲ੍ਹ ਨੂੰ ਅਸੀਂ ਆਪਣੀ ਨੌਜਵਾਨ ਪੀੜ੍ਹੀ ਅਤੇ ਬੱਚਿਆਂ ਨੂੰ ਸਿੱਖੀ ਬਾਰੇ ਕੀ ਸਿੱਖਿਆ ਦੇਵਾਂਗੇ? ਅਸੀਂ ਕਿਵੇਂ ਦੱਸਾਂਗੇ ਕਿ ਸਿੱਖਾਂ ਨੇ ਸ਼ਹੀਦੀਆਂ ਪਾ ਲਈਆਂ ਪਰ ਸਿੱਖੀ ਕੇਸਾਂ-ਸੁਆਸਾਂ ਸੰਗ ਨਿਭਾਈ, ਅਤੇ ਸ਼ਹੀਦ ਭਾਈ ਤਾਰੂ ਸਿੰਘ ਜੀ ਨੇ ਖੋਪੜ ਲੁਹਾ ਲਿਆ ਪਰ ਕੇਸਾਂ ਦੀ ਬੇਅਦਬੀ ਨਹੀਂ ਹੋਣ ਦਿੱਤੀ। ਸਾਡੇ ਅੱਜ ਦੇ ਪੜ੍ਹੇ-ਲਿਖੇ ਬੱਚੇ ਸਾਨੂੰ ਲਾਹਨਤਾਂ ਪਾਉਣਗੇ ਕਿ ਇੱਕ ਪਾਸੇ ਅਸੀਂ ਅਣਖ-ਗ.ਰਤ ਭਰੇ ਸਿੱਖ ਇਤਿਹਾਸ ਦੀਆਂ ਗੱਲਾਂ ਕਰਦੇ ਹਾਂ ਤੇ ਦੂਜੇ ਪਾਸੇ ਰਹਿਤ ਮਰਿਆਦਾ ਦੀ ਉਲੰਘਣਾ ਕਰਨ ਵਾਲੀ ਸ਼ਖ਼ਸੀਅਤ ਨੂੰ ਸ਼੍ਰੋਮਣੀ ਕਮੇਟੀ ਦੀ ਪ੍ਰਧਾਨ ਬਣਾ ਰਹੇ ਹਾਂ।

ਭਾਈ ਭਿਓਰਾ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਕਿੰਨਰ ਸਮਾਜ ਦੇ ਲੋਕ ਵੀ ਅਣਖ ਅਤੇ ਗ.ਰਤ ਨਾਲ ਮਿਹਨਤ ਦੀ ਰੋਟੀ ਖਾਂਦੇ ਹਨ, ਪਰ ਉਨ੍ਹਾਂ ਆਗੂਆਂ ਨੂੰ ਬਿਲਕੁਲ ਵੀ ਸ਼ਰਮ-ਹਯਾ ਨਹੀਂ ਰਹੀ ਜਿਹੜੇ ਆਪਣੇ ਨਿੱਜੀ ਸਵਾਰਥਾਂ ਦੀ ਖ਼ਾਤਰ ਦਸਤਾਰਾਂ ਸਜਾ ਕੇ ਵੀ ਇਨ੍ਹਾਂ ਦੇ ਨਾਲ ਤੁਰੇ ਫਿਰਦੇ ਹਨ। ਉਨ੍ਹਾਂ ਕਿਹਾ ਕਿ ਅਣਖੀਲੀਆਂ ਗੱਲਾਂ ਕਰਨ ਵਾਲੇ ਗਿਆਨੀ ਹਰਪ੍ਰੀਤ ਸਿੰਘ ਵੀ ਇਨ੍ਹਾਂ ਨੂੰ ਨਾਲ ਲਈ ਫਿਰਦੇ ਰਹੇ ਹਨ। ਅੰਤ ਵਿੱਚ ਉਨ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਭਾਈ ਕੁਲਦੀਪ ਸਿੰਘ ਗੜਗੱਜ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਬੀਬੀ ਜਗੀਰ ਕੌਰ ਨੂੰ ਸ਼੍ਰੋਮਣੀ ਕਮੇਟੀ ਦੀ ਮੈਂਬਰਸ਼ਿਪ ਤੋਂ ਤੁਰੰਤ ਬਰਖ਼ਾਸਤ ਕੀਤਾ ਜਾਵੇ, ਕਿਉਂਕਿ ਸਿੱਖ ਰਹਿਤ ਮਰਿਆਦਾ ਅਨੁਸਾਰ ਰੋਮਾਂ ਦੀ ਬੇਅਦਬੀ ਕਰਨ ਵਾਲਾ ਕੋਈ ਵੀ ਵਿਅਕਤੀ ਸ਼੍ਰੋਮਣੀ ਕਮੇਟੀ ਦਾ ਮੈਂਬਰ ਨਹੀਂ ਰਹਿ ਸਕਦਾ।

-ਅਵਤਾਰ ਸਿੰਘ ਭਿਓਰਾ, ਮੋ. ਨੰ. 8076569189

ਸੂਚਨਾ

ਇੰਗਲੈਂਡ ਦੇ ਗੁਰਦੁਆਰਿਆਂ ਦੇ ਪ੍ਰਬੰਧਕਾਂ ਅਤੇ ਸਿੱਖ ਪ੍ਰਚਾਰਕਾਂ ਦੇ ਆਪਸੀ ਮਾਮਲਿਆਂ ਬਾਰੇ ਜਾਂ ਹੋਰ ਮਸਲਿਆਂ ਬਾਰੇ ਅਖਬਾਰ ਨੂੰ ਕੋਈ ਵਿਅਕਤੀ ਆਪਣੇ ਵਿਚਾਰ ਛਾਪਣ ਲਈ ਭੇਜਦਾ ਹੈ ਤਾਂ ਉਹ ਭੇਜ ਸਕਦਾ ਹੈ ।ਉਹ ਵਿਚਾਰ ਉਸ ਵਿਅਕਤੀ ਜਾਂ ਸੰਸਥਾ ਦੇ ਆਪਣੇ ਹਨ ਉਹਨਾਂ ਵਿਚਾਰਾਂ ਨਾਲ ਅਦਾਰਾ ਆਵਾਜਿ ਕੌਮ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ





ਸ਼੍ਰੀ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਗੁਰਦੁਆਰਾ ਸੁਲਤਾਨਪੁਰ ਲੋਧੀ ਵਿਖੇ ਪੁੱਜੇ ਉੱਘੇ ਸਿੱਖ ਚਿੰਤਕ ਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਲ ਦਾ ਸਨਮਾਨ ਕਰਦੇ ਹੋਏ ਗੁਰਦੁਆਰਾ ਸਾਹਿਬ ਦੇ ਮੈਨੇਜਰ ਸਰਦਾਰ ਭਗਵੰਤ ਸਿੰਘ ਜੀ ਕਾਲਮਾ ਗਿਆਨੀ ਹਰਜਿੰਦਰ ਸਿੰਘ ਚੰਡੀਗੜ੍ਹ ਤੇ ਸਰਦਾਰ ਨਿਸ਼ਾਨ ਸਿੰਘ ਦਿਖਾਈ ਦੇ ਰਹੇ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਓ ਪੰਜਾਬੀ

ਸਿੱਖੀਏ ਅਤੇ ਸਿੱਖਾਈਏ

ਮਾਂ ਬੋਲੀ ਦਾ ਮਾਣ ਵਧਾਈਏ



★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243